SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 221 | Tuesday, December 05, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## 600 ਮੁਲਾਜ਼ਮਾਂ ਦੀ ਛਾਂਗੀ ਕਰੇਗੀ ਸੀਬੀਸੀ



ਓਟਵਾ, 4 ਦਸੰਬਰ (ਪੋਸਟ ਬਿਊਰੋ) : ਕੈਨੇਡੀਅਨ ਬ੍ਰੌਡਕਾਸਟਿੰਗ ਕਾਰਪੋਰੇਸ਼ਨ ਤੇ ਰੇਡੀਓ ਕੈਨੇਡਾ ਵੱਲੋਂ 600 ਮੁਲਾਜ਼ਮਾਂ ਦੀ ਛਾਂਗੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ 200 ਹੋਰ ਖਾਲੀ ਅਸਾਮੀਆਂ ਨੂੰ ਵੀ ਪੁਰ ਨਹੀਂ ਕੀਤਾ ਜਾਵੇਗਾ ਕਿਉਂਕਿ ਕੰਪਨੀ ਕੋਲ 125 ਮਿਲੀਅਨ ਡਾਲਰ ਬਜਟ ਘੱਟ ਹੈ।

ਪਬਲਿਕ ਬ੍ਰੌਡਕਾਸਟਰ ਨੇ ਸੋਮਵਾਰ ਨੂੰ ਆਖਿਆ ਕਿ ਸੀਬੀਸੀ ਤੇ ਰੇਡੀਓ-ਕੈਨੇਡਾ ਦੋਵਾਂ ਵੱਲੋਂ 250 ਮੁਲਾਜ਼ਮਾਂ ਦੀ ਛਾਂਗੀ ਕੀਤੀ ਜਾਵੇਗੀ। ਇਹ ਛਾਂਗੀਆਂ ਕਾਰਪਰੇਟ ਡਵੀਜ਼ਨਾਂ ਜਿਵੇਂ ਕਿ ਤਕਨਾਲੋਜੀ ਤੇ ਇਨਫਰਾਸਟ੍ਰਕਚਰ ਤੋਂ ਕੀਤੀਆਂ ਜਾਣਗੀਆਂ। ਕੁੱਝ ਕਟੌਤੀਆਂ ਫੌਰੀ ਲਾਗੂ ਹੋਣਗੀਆਂ ਤੇ ਅਗਲੀਆਂ ਅਗਲੇ 12 ਮਹੀਨਿਆਂ ਵਿੱਚ ਲਾਗੂ ਹੋਣਗੀਆਂ। ਇਸ ਸਮੇਂ ਜਿਹੜੀਆਂ 200 ਖਾਲੀ ਅਸਾਮੀਆਂ ਹਨ ਉਨ੍ਹਾਂ ਨੂੰ ਖ਼ਤਮ ਹੀ ਕਰ ਦਿੱਤਾ ਜਾਵੇਗਾ। ਇਹ ਕਟੌਤੀਆਂ ਉਨ੍ਹਾਂ ਕਾਰਨਾਂ ਕਰਕੇ ਹੀ ਕੀਤੀਆਂ ਜਾ ਰਹੀਆਂ ਹਨ ਜਿਹੜੀਆਂ ਸਾਰੀਆਂ ਮੀਡੀਆ ਕੰਪਨੀਆਂ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਸੀਬੀਸੀ ਨੇ ਦੱਸਿਆ ਕਿ ਪ੍ਰੋਡਕਸ਼ਨ ਦੀ ਲਾਗਤ ਵਿੱਚ ਹੋਣ ਵਾਲੇ ਵਾਧੇ, ਟੈਲੀਵਿਜ਼ਨ ਐਡਵਰਟਾਈਜ਼ਿੰਗ ਤੋਂ ਹੋਣ ਵਾਲੀ ਕਮਾਈ ਘਟਣ ਤੇ ਵੱਡੀਆਂ ਟੈਕਨੀਕਲ ਕੰਪਨੀਆਂ ਨਾਲ ਹੋਣ ਵਾਲੀ ਮੁਕਾਬਲੇਬਾਜ਼ੀ ਕਾਰਨ ਹੀ ਇਹ ਛਾਂਗੀਆਂ ਕਰਨੀਆਂ ਪੈ ਰਹੀਆਂ ਹਨ।

ਸੀਬੀਸੀ/ਰੇਡੀਓ-ਕੈਨੇਡਾ ਦੀ ਪ੍ਰੈਜ਼ੀਡੈਂਟ ਤੇ ਚੀਫ ਐਗਜ਼ੈਕਟਿਵ ਕੈਥਰੀਨ ਟੇਟ ਨੇ ਦੱਸਿਆ ਕਿ ਅਗਲੇ ਵਿੱਤੀ ਵਰ੍ਹੇ ਤੋਂ ਕਾਰਪੋਰੇਸ਼ਨ ਦੀ ਪਾਰਲੀਆਮੈਂਟਰੀ ਫੰਡਿੰਗ ਵਿੱਚ ਵੀ ਕਮੀ ਆਉਣ ਦੀ ਸੰਭਾਵਨਾ ਹੈ। ਉਨ੍ਹਾਂ ਆਖਿਆ ਕਿ ਕਈ ਸਾਲਾਂ ਤੱਕ ਅਸੀਂ ਢਾਂਚਾਗਤ ਕਮੀਆਂ ਨਾਲ ਸਫਲਤਾਪੂਰਬਕ ਸਿੱਝਦੇ ਰਹੇ ਹਾਂ ਪਰ ਹੁਣ ਸਾਡੇ ਵੀ ਹੱਥ ਖੜ੍ਹੇ ਹੋ ਗਏ ਹਨ ਤੇ ਕਟੌਤੀਆਂ ਤੋਂ ਬਿਨਾਂ ਸਾਡੇ ਕੋਲ ਵੀ ਕੋਈ ਹੋਰ ਚਾਰਾ ਨਹੀਂ ਬਚਿਆ।

## ਹਥਿਆਰਾਂ ਦੀ ਜਾਂਚ ਦੌਰਾਨ 2 ਹੋਰਨਾਂ ਸਮੇਤ 16 ਸਾਲਾ ਲੜਕੀ ਨੂੰ ਵੀ ਕੀਤਾ ਗਿਆ ਚਾਰਜ



ਟੋਰਾਂਟੋ, 4 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਹਥਿਆਰਾਂ ਸਬੰਧੀ ਚੱਲ ਰਹੀ ਜਾਂਚ ਦੌਰਾਨ ਪਿਛੇ ਜਿਹੇ ਲਈ ਗਈ ਤਲਾਸ਼ੀ ਵਿੱਚ ਭਰੀ ਹੋਈ ਹੈਂਡਗੰਨ ਮਿਲਣ ਤੋਂ ਬਾਅਦ ਚਾਰਜਿਜ਼ ਦਾ ਸਾਹਮਣਾ ਕਰ ਰਹੇ ਤਿੰਨ ਵਿਅਕਤੀਆਂ ਵਿੱਚ 16 ਸਾਲਾ ਲੜਕੀ ਵੀ ਸ਼ਾਮਲ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਪਹਿਲੀ ਦਸੰਬਰ, 2023 ਨੂੰ ਕੀਤੀ ਗਈ ਜਾਂਚ ਦਰਮਿਆਨ ਵੁੱਡਬਾਈਨ ਐਵਨਿਊ ਤੇ ਕਿੰਗਸਟਨ ਰੋਡ ਏਰੀਆ ਤੋਂ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਵਿੱਚ ਇੱਕ ਪੁਰਸ਼, ਇੱਕ ਮਹਿਲਾ ਤੇ ਟੀਨੇਜਰ ਲੜਕੀ ਸ਼ਾਮਲ ਸਨ। ਸਰਚ ਵਾਰੰਟ ਕਢਵਾਉਣ ਤੋਂ ਬਾਅਦ ਲਈ ਗਈ ਤਲਾਸ਼ੀ ਵਿੱਚ ਪੁਲਿਸ ਨੂੰ 9 ਐਮਐਮ ਦੀ ਸੈਮੀ ਆਟੋਮੈਟਿਕ ਹੈਂਡਗੰਨ ਬਰਾਮਦ ਹੋਈ ਤੇ ਕੁੱਝ ਕੀਮਤੀ ਸਮਾਨ ਵੀ ਬਰਾਮਦ ਹੋਇਆ। ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

ਸੋਮਵਾਰ ਨੂੰ ਪੁਲਿਸ ਨੇ ਟੋਰਾਂਟੋ ਦੀ 18 ਸਾਲਾ ਕਾਇਲੀ ਟੇਲਰ ਤੇ 37 ਸਾਲਾ ਟੈਮੀ ਟੇਲਰ ਦੀ ਸ਼ਨਾਖ਼ਤ ਕੀਤੀ। ਇਨ੍ਹਾਂ ਉੱਤੇ ਹਥਿਆਰਾਂ ਨਾਲ ਸਬੰਧਤ ਕਈ ਚਾਰਜਿਜ਼ ਲਾਏ ਗਏ। ਇੱਕ 16 ਸਾਲਾ ਲੜਕੀ ਉੱਤੇ ਵੀ ਹਥਿਆਰ ਲੁਕੋ ਕੇ ਰੱਖਣ ਤੇ ਹਥਿਆਰਾਂ ਨਾਲ ਸਬੰਧਤ ਹੋਰ ਚਾਰਜਿਜ਼ ਲਾਏ ਗਏ। ਇਨ੍ਹਾਂ ਸਾਰਿਆਂ ਦਾ ਆਪਸ ਵਿੱਚ ਕੀ ਸਬੰਧ ਹੈ ਇਹ ਸਪਸ਼ਟ ਨਹੀਂ ਹੋ ਸਕਿਆ ਤੇ ਜਾਂਚਕਾਰਾਂ ਨੂੰ ਵੀ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ।

## ਚੋਰੀ ਦੀ ਗੱਡੀ ਵਿੱਚ ਗੱਡੀ ਚੋਰੀ ਕਰਨ ਆਏ 5 ਟੀਨੇਜਰਜ਼ ਨੂੰ ਕੀਤਾ ਗਿਆ ਚਾਰਜ



ਦਰਹਾਮ, 4 ਦਸੰਬਰ (ਪੋਸਟ ਬਿਊਰੋ) : ਵ੍ਹਿਟਬੀ ਵਿੱਚ ਕਥਿਤ ਤੌਰ ਉੱਤੇ ਇੱਕ ਗੱਡੀ ਨੂੰ ਚੋਰੀ ਕਰਨ ਦੀ ਕੋਸ਼ਿਸ਼ ਕਰਨ ਤੇ ਫਿਰ ਪੁਲਿਸ ਅਧਿਕਾਰੀਆਂ ਤੋਂ ਬਚਣ ਲਈ ਦੂਜੀ ਚੋਰੀ ਦੀ ਗੱਡੀ ਵਿੱਚ ਭੱਜਣ ਦੀ ਕੋਸ਼ਿਸ਼ ਕਰਨ ਵਾਲੇ 5 ਟੀਨੇਜਰਜ਼ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਦਰਹਾਮ ਰੀਜਨਲ ਪੁਲਿਸ ਨੂੰ 26 ਨਵੰਬਰ ਨੂੰ ਤੜਕੇ 2:00 ਵਜੇ ਦੇ ਨੇੜੇ ਤੇੜੇ ਟੌਂਟਨ ਰੋਡ ਤੇ ਹਾਈਵੇਅ 412 ਇਲਾਕੇ ਵਿੱਚ ਇੱਕ ਗੱਡੀ ਚੋਰੀ ਹੋਣ ਦੀ ਖਬਰ ਮਿਲੀ। ਖਬਰ ਮਿਲਦਿਆਂ ਸਾਰ ਹੀ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਇਹ ਦੋਸ਼ ਲਾਇਆ ਗਿਆ ਕਿ ਕੁੱਝ ਮਸ਼ਕੂਕ ਗੱਡੀ ਚੋਰੀ ਕਰਨ ਦੀ ਕੋਸ਼ਿਸ਼ ਕਰ ਰਹੇ ਸਨ ਪਰ ਪੁਲਿਸ ਦੇ ਉੱਥੇ ਪਹੁੰਚਣ ਤੋਂ ਪਹਿਲਾਂ ਹੀ ਮਸ਼ਕੂਕ ਮੌਕੇ ਤੋਂ ਫਰਾਰ ਹੋ ਗਏ। ਜਦੋਂ ਪੁਲਿਸ ਅਧਿਕਾਰੀਆਂ ਨੇ ਆਲੇ ਦੁਆਲੇ ਦੀ ਜਾਂਚ ਕੀਤੀ ਤਾਂ ਉਨ੍ਹਾਂ ਨੂੰ ਇਲਾਕੇ ਵਿੱਚ ਇੱਕ ਸ਼ੱਕੀ ਗੱਡੀ ਜਾਂਦੀ ਨਜ਼ਰ ਆਈ।

ਪੁਲਿਸ ਨੇ ਗੱਡੀ ਦੀ ਲਾਇਸੰਸ ਪਲੇਟ ਚੈੱਕ ਕੀਤੀ ਤਾਂ ਪਾਇਆ ਕਿ ਉਹ ਚੋਰੀ ਦੀ ਗੱਡੀ ਹੈ। ਗੱਡੀ ਆਪਣੀਆਂ ਨਜ਼ਰਾਂ ਤੋਂ ਦੂਰ ਹੋਣ ਤੋਂ ਪਹਿਲਾਂ ਹੀ ਪੁਲਿਸ ਅਧਿਕਾਰੀਆਂ ਨੇ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਡੀਆਰਪੀ ਦੇ ਏਅਰ 1 ਚੌਪਰ ਦੀ ਮਦਦ ਨਾਲ ਐਜੈਕਸ ਦੇ ਸ਼ੇਰਵੁੱਡ ਡਰਾਈਵ ਇਲਾਕੇ ਤੋਂ ਮਸ਼ਕੂਕਾਂ ਨੂੰ ਟਰੈਕ ਕਰ ਲਿਆ, ਪੰਜੇ ਮਸ਼ਕੂਕ ਗੱਡੀ ਛੱਡ ਕੇ ਪੈਦਲ ਭੱਜਣ ਦੀ ਕੋਸ਼ਿਸ਼ ਕਰ ਰਹੇ ਸਨ। ਥੋੜ੍ਹੀ ਦੂਰੀ ਉੱਤੇ ਹੀ ਪੁਲਿਸ ਮਸ਼ਕੂਕਾਂ ਨੂੰ ਵੱਖ ਵੱਖ ਥਾਂਵਾਂ ਤੋਂ ਫੜ੍ਹਨ ਵਿੱਚ ਕਾਮਯਾਬ ਰਹੀ।

ਜਾਂਚਕਾਰਾਂ ਵੱਲੋਂ 17 ਸਾਲ ਦੀਆਂ ਤਿੰਨ ਲੜਕੀਆਂ, 17 ਸਾਲ ਦੇ ਇੱਕ ਲੜਕੇ ਤੇ 16 ਸਾਲਾਂ ਦੀ ਇੱਕ ਲੜਕੀ ਨੂੰ 5000 ਡਾਲਰ ਤੋਂ ਵੱਧ ਦੀ ਜੁਰਮ ਨਾਲ ਕਮਾਈ ਸੰਪਤੀ ਰੱਖਣ ਲਈ ਚਾਰਜ ਕੀਤਾ ਗਿਆ ਹੈ।

## ਦੋ ਗੱਡੀਆਂ ਦੀ ਟੱਕਰ ਵਿੱਚ 3 ਜ਼ਖ਼ਮੀ



ਮਿਸੀਸਾਗਾ, 4 ਦਸੰਬਰ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਐਤਵਾਰ ਸ਼ਾਮ ਨੂੰ ਦੋ ਕਾਰਾਂ ਦੇ ਆਪਸ ਵਿੱਚ ਟਕਰਾਉਣ ਕਾਰਨ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਇਹ ਹਾਦਸਾ ਬ੍ਰਿਟੈਨੀਆ ਤੇ ਕ੍ਰੈਡਿਟਵਿਊ ਰੋਡਜ਼ ਨੇੜੇ ਵਾਪਰਿਆ। ਪੀਲ ਰੀਜਨਲ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮੀਂ 5:30 ਵਜੇ ਤੋਂ ਪਹਿਲਾਂ ਹਾਦਸੇ ਵਾਲੀ ਥਾਂ ਉੱਤੇ ਸੱਦਿਆ ਗਿਆ। ਉਨ੍ਹਾਂ ਦੱਸਿਆ ਕਿ ਇੱਕ ਵਿਅਕਤੀ ਨੂੰ ਮਾਮੂਲੀ ਸੱਟਾਂ ਲੱਗੀਆਂ ਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ ਜਦਕਿ ਦੋ ਹੋਰਨਾਂ ਨੂੰ ਵੀ ਸੱਟਾਂ ਲੱਗੀਆਂ ਤੇ ਉਨ੍ਹਾਂ ਨੂੰ ਵੀ ਹਸਪਤਾਲ ਲਿਜਾਇਆ ਗਿਆ ਪਰ ਉਨ੍ਹਾਂ ਦੀਆਂ ਸੱਟਾਂ ਕਿੰਨੀਆਂ ਗੰਭੀਰ ਸਨ ਇਸ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਮਿਲ ਸਕੀ।

ਮਾਮਲੇ ਦੀ ਜਾਂਚ ਕਰਨ ਲਈ ਪੁਲਿਸ ਵੱਲੋਂ ਨਾਲ ਲੱਗਦੀਆਂ ਸਾਰੀਆਂ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ ਪਰ ਬਾਅਦ ਵਿੱਚ ਉਨ੍ਹਾਂ ਨੂੰ ਖੋਲ੍ਹ ਦਿੱਤਾ ਗਿਆ।

## ਅੱਗ ਲੱਗਣ ਕਾਰਨ ਚਾਰ ਉਸਾਰੀ ਅਧੀਨ ਘਰ ਸੜ ਕੇ ਹੋਏ ਸੁਆਹ



ਓਨਟਾਰੀਓ, 4 ਦਸੰਬਰ (ਪੋਸਟ ਬਿਊਰੋ) : ਬਰਲਿੰਗਟਨ, ਓਨਟਾਰੀਓ ਵਿੱਚ ਸੋਮਵਾਰ ਸਵੇਰੇ ਇੱਕ ਢਾਂਚੇ ਨੂੰ ਲੱਗੀ ਅੱਗ ਕਾਰਨ ਚਾਰ ਅੰਡਰ ਕੰਸਟ੍ਰਕਸ਼ਨ ਘਰ ਸੜ ਕੇ ਸੁਆਹ ਹੋ ਗਏ।

ਬਰਲਿੰਗਟਨ ਦੇ ਫਾਇਰ ਚੀਫ ਡੈਨ ਵੈਂਡਰਲੇਲੀ ਨੇ ਆਖਿਆ ਕਿ ਇਹ ਅੱਗ ਤੜਕੇ 4:00 ਵਜੇ ਡੰਡਾਸ ਸਟਰੀਟ ਵੈਸਟ ਤੇ ਵਾਕਰਜ਼ ਲਾਈਨ ਨੇੜੇ ਲੋਦੀ ਰੋਡ ਉੱਤੇ ਲੱਗੀ। ਉਨ੍ਹਾਂ ਦੱਸਿਆ ਕਿ ਮੌਕੇ ਉੱਤੇ ਪਹੁੰਚਣ ਉੱਤੇ ਉਨ੍ਹਾਂ ਨੂੰ ਤਿੰਨ ਘਰ ਪੂਰੀ ਤਰ੍ਹਾਂ ਤਬਾਹ ਹਾਲਤ ਵਿੱਚ ਮਿਲੇ ਤੇ ਉਸ ਤੋਂ ਬਾਅਦ ਇੱਕ ਹੋਰ ਘਰ ਵੀ ਚਪੇਟ ਵਿੱਚ ਆ ਗਿਆ। ਇਹ ਸਾਰੇ ਘਰ ਉਸਾਰੀ ਅਧੀਨ ਸੀ। ਉਨ੍ਹਾਂ ਇਹ ਵੀ ਦੱਸਿਆ ਕਿ ਜਿਨ੍ਹਾਂ ਘਰਾਂ ਵਿੱਚ ਅੱਗ ਲੱਗੀ ਉਨ੍ਹਾਂ ਦੇ ਆਲੇ ਦੁਆਲੇ ਵਾਲੇ ਘਰਾਂ ਵਿੱਚ ਲੋਕ ਰਹਿ ਰਹੇ ਸਨ ਪਰ ਫਾਇਰ ਅਮਲੇ ਨੇ ਜਲਦ ਹੀ ਉਨ੍ਹਾਂ ਸਾਰਿਆ ਤੋਂ ਘਰ ਖਾਲੀ ਕਰਵਾ ਲਏ। ਉਨ੍ਹਾਂ ਘਰਾਂ ਨੂੰ ਵੀ ਕੋਈ ਨੁਕਸਾਨ ਨਹੀਂ ਪਹੁੰਚਿਆ।

ਇਹ ਉਸਾਰੀ ਅਧੀਨ ਘਰਾਂ ਨੂੰ ਅੱਗ ਲੱਗਣ ਦੀ ਤੀਜੀ ਘਟਨਾ ਹੈ। ਇਸ ਤੋਂ ਪਹਿਲਾਂ ਸ਼ਨਿੱਚਰਵਾਰ ਨੂੰ ਤੇ ਦੋ ਮਹੀਨੇ ਪਹਿਲਾਂ ਉਸਾਰੀ ਅਧੀਨ ਘਰਾਂ ਨੂੰ ਲੱਗੀ ਅੱਗ ਉੱਤੇ ਕਾਬੂ ਪਾਉਣ ਲਈ ਫਾਇਰ ਅਮਲੇ ਨੂੰ ਸੱਦਿਆ ਗਿਆ ਸੀ। ਚੀਫ ਨੇ ਦੱਸਿਆ ਕਿ ਓਨਟਾਰੀਓ ਫਾਇਰ ਮਾਰਸ਼ਲ ਵੱਲੋਂ ਇਨ੍ਹਾਂ ਮਾਮਲਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਲੋਕਲ ਟ੍ਰੈਫਿਕ ਨੂੰ ਹਟਾਉਣ ਲਈ ਪੁਲਿਸ ਵੀ ਮੌਕੇ ਉੱਤੇ ਮੌਜੂਦ ਸੀ।

## ਤੁਰਕੀ 'ਚ ਲੱਗੇ ਭੂਚਾਲ ਦੇ ਝਟਕੇ, ਜਾਨੀ ਜਾਂ ਮਾਲੀ ਨੁਕਸਾਨ ਨਹੀਂ



ਅੰਕਾਰਾ, 4 ਦਸੰਬਰ (ਪੋਸਟ ਬਿਊਰੋ): ਤੁਰਕੀ 'ਚ ਤੇਜ਼ ਭੂਚਾਲ ਕਾਰਨ ਧਰਤੀ ਕੰਬ ਗਈ। ਭੂਚਾਲ ਦੇ ਤੇਜ਼ ਝਟਕਿਆਂ ਕਾਰਨ ਲੋਕ ਡਰ ਗਏ। ਲੋਕ ਡਰ ਦੇ ਮਾਰੇ ਘਰਾਂ ਤੋਂ ਬਾਹਰ ਆ ਗਏ। ਇਸ ਤੋਂ ਪਹਿਲਾਂ ਵੀ ਤੁਰਕੀ ਵਿੱਚ ਬਹੁਤ ਭਿਆਨਕ ਭੂਚਾਲ ਆਇਆ ਸੀ, ਜਿਸ ਨੇ ਬਹੁਤ ਤਬਾਹੀ ਮਚਾਈ ਸੀ। ਭੂਚਾਲ ਦੇ ਤੇਜ਼ ਝਟਕਿਆਂ ਦੇ ਕਾਰਨ ਹੁਣ ਤੱਕ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਸੂਚਨਾ ਨਹੀਂ ਹੈ। ਮੱਧਮ ਤੀਬਰਤਾ ਦਾ ਇਹ ਭੂਚਾਲ ਉੱਤਰ ਪੱਛਮੀ ਤੁਰਕੀ ਵਿੱਚ ਸੋਮਵਾਰ ਨੂੰ ਆਇਆ। ਭੂਚਾਲ ਕਾਰਨ ਲੋਕ ਡਰ ਗਏ ਅਤੇ ਘਰਾਂ ਤੋਂ ਬਾਹਰ ਆ ਗਏ। ਭੂਚਾਲ ਕਾਰਨ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਅਜੇ ਤੱਕ ਕੋਈ ਜਾਣਕਾਰੀ ਨਹੀਂ ਹੈ।

ਆਫ਼ਤ ਪ੍ਰਬੰਧਨ ਏਜੰਸੀ ਏਐੱਫਏਡੀ ਅਨੁਸਾਰ, 5.1 ਤੀਬਰਤਾ ਦੇ ਭੂਚਾਲ ਦਾ ਕੇਂਦਰ ਬਰਸਾ ਸੂਬੇ ਦੇ ਜੈਮਲਿਕ ਸ਼ਹਿਰ ਦੇ ਨੇੜੇ ਮਾਰਮਾਰਾ ਸਾਗਰ ਵਿੱਚ ਸੀ। ਭੂਚਾਲ ਸਥਾਨਕ ਸਮੇਂ ਅਨੁਸਾਰ ਸਵੇਰੇ 10:42 ਵਜੇ (ਅੰਤਰਰਾਸ਼ਟਰੀ ਸਮੇਂ ਅਨੁਸਾਰ 7:42 ਵਜੇ) ਸਮੁੰਦਰ ਵਿੱਚ ਤਕਰੀਬਨ ਨੌਂ ਕਿਲੋਮੀਟਰ ਦੀ ਡੂੰਘਾਈ ਵਿੱਚ ਆਇਆ ਸੀ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

Allstate. You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਇੰਡੋਨੇਸ਼ੀਆ ਵਿਚ ਜਵਾਲਾਮੁਖੀ ਫਟਿਆ, 11 ਪਰਬਤਰੋਹੀਆਂ ਦੀ ਮੌਤ

ਜਕਾਰਤਾ, 4 ਦਸੰਬਰ (ਪੋਸਟ ਬਿਊਰੋ): ਇੰਡੋਨੇਸ਼ੀਆ 'ਚ ਸੋਮਵਾਰ ਨੂੰ ਮਾਰਾਪੀ ਜਵਾਲਾਮੁਖੀ ਫਟ ਗਿਆ। ਇਸ ਕਾਰਨ ਉੱਥੇ 11 ਪਰਬਤਰੋਹੀਆਂ ਦੀ ਮੌਤ ਹੋ ਗਈ। ਬਚਾਅ ਦਲ ਮੁਤਾਬਕ 12 ਲੋਕਾਂ ਦੀ ਭਾਲ ਜਾਰੀ ਹੈ। ਇਸ ਦੇ ਨਾਲ ਹੀ 49 ਲੋਕਾਂ ਨੂੰ ਜ਼ਿੰਦਾ ਬਚਾਇਆ ਗਿਆ ਹੈ। ਐਤਵਾਰ ਨੂੰ 2,891 ਕਿਲੋਮੀਟਰ ਦੀ ਉਚਾਈ 'ਤੇ ਸਥਿਤ ਜਵਾਲਾਮੁਖੀ ਦੀ ਕਰੀਬ 3 ਕਿਲੋਮੀਟਰ ਦੀ ਉਚਾਈ ਤੱਕ ਸੁਆਹ ਉੱਡੀ ।

ਇਸ ਕਾਰਨ ਆਲੇ-ਦੁਆਲੇ ਦੀਆਂ ਸੜਕਾਂ ਅਤੇ ਵਾਹਨ ਸੁਆਹ ਨਾਲ ਭਰ ਗਏ। ਸੋਮਵਾਰ ਨੂੰ ਵੀ ਇੱਕ ਛੋਟਾ ਧਮਾਕਾ ਹੋਣ ਦੀ ਸੂਚਨਾ ਹੈ। ਇਸ ਕਾਰਨ ਬਚਾਅ ਕਾਰਜ ਕੁਝ ਸਮੇਂ ਲਈ ਰੋਕ ਦਿੱਤਾ ਗਿਆ ਹੈ। ਮਾਰਪੀ ਦਾ ਅਰਥ ਹੈ ਅੱਗ ਦਾ ਪਹਾੜ। ਇਹ ਸੁਮਾਤਰਾ ਟਾਪੂ 'ਤੇ ਸਭ ਤੋਂ ਵੱਧ ਸਰਗਰਮ ਜਵਾਲਾਮੁਖੀ ਹੈ।



# ਇਜ਼ਰਾਈਲੀ ਜਹਾਜ਼ਾਂ 'ਤੇ ਲਾਲ ਸਾਗਰ ਵਿੱਚ ਬੈਲਿਸਟਿਕ ਮਿਜ਼ਾਈਲਾਂ ਨਾਲ ਹਮਲਾ

ਤਲਅਵੀਵ, 4 ਦਸੰਬਰ (ਪੋਸਟ ਬਿਊਰੋ): ਇਜ਼ਰਾਈਲ-ਹਮਾਸ ਯੁੱਧ ਹੌਲੀ-ਹੌਲੀ ਹੋਰ ਖੇਤਰਾਂ ਵਿੱਚ ਵੀ ਫੈਲ ਰਿਹਾ ਹੈ। ਖਬਰਾਂ ਮੁਤਾਬਕ ਐਤਵਾਰ ਨੂੰ ਯਮਨ ਦੇ ਹੂਤੀ ਬਾਗੀਆਂ ਨੇ ਲਾਲ ਸਾਗਰ 'ਚ ਤਿੰਨ ਜਹਾਜ਼ਾਂ 'ਤੇ ਬੈਲਿਸਟਿਕ ਮਿਜ਼ਾਈਲਾਂ ਨਾਲ ਹਮਲਾ ਕੀਤਾ। ਇਨ੍ਹਾਂ 'ਚੋਂ 2 ਇਜ਼ਰਾਇਲੀ ਜਹਾਜ਼ ਦੱਸੇ ਜਾਂਦੇ ਹਨ। ਉਨ੍ਹਾਂ ਦੇ ਨਾਮ ਯੂਨਿਟੀ ਐਕਸਪਲੋਰਰ ਅਤੇ ਨੰਬਰ ਨਾਈਨ ਹਨ। ਇਸ ਤੋਂ ਇਲਾਵਾ ਯਮਨ ਦੇ ਹੋਡੇਦਾ ਬੰਦਰਗਾਹ ਤੋਂ 101 ਕਿਲੋਮੀਟਰ ਦੂਰ ਇਕ ਜਹਾਜ਼ ਦੇ ਕੰਟੇਨਰ ਦੇ ਨੁਕਸਾਨੇ ਜਾਣ ਦੀ ਵੀ ਖ਼ਬਰ ਹੈ।



ਇਸ ਦੇ ਨਾਲ ਹੀ ਅਮਰੀਕਾ ਨੇ ਕਿਹਾ ਹੈ ਕਿ ਉਸ ਨੇ ਲਾਲ ਸਾਗਰ 'ਚ ਉਸ ਦੇ ਜੰਗੀ ਬੇੜੇ 'ਤੇ ਹਮਲਾ ਕਰਨ ਜਾ ਰਹੇ 3 ਡਰੋਨਾਂ ਨੂੰ ਡੇਗ ਦਿੱਤਾ ਹੈ। ਇਕ ਅਮਰੀਕੀ ਅਧਿਕਾਰੀ ਨੇ ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਹੂਤੀ ਵਿਦਰੋਹੀਆਂ ਦੇ ਹਮਲੇ ਕਰੀਬ 5 ਘੰਟੇ ਤੱਕ ਜਾਰੀ ਰਹੇ। ਇਹ ਸਵੇਰੇ 10 ਵਜੇ ਸ਼ੁਰੂ ਹੋਏ। ਪਿਛਲੇ ਮਹੀਨੇ ਹੂਤੀ ਬਾਗੀਆਂ ਨੇ ਤੁਰਕੀ ਤੋਂ ਭਾਰਤ ਆ ਰਹੇ ਜਹਾਜ਼ ਨੂੰ ਹਾਈਜੈਕ ਕਰ ਲਿਆ ਸੀ। ਹੂਤੀ ਦਾ ਕਹਿਣਾ ਹੈ ਕਿ ਉਹ ਇਜ਼ਰਾਈਲੀ ਜਹਾਜ਼ਾਂ 'ਤੇ ਹਮਲੇ ਜਾਰੀ ਰੱਖਣਗੇ।

# ਤੇਲੰਗਾਨਾ ਵਿਚ ਹਵਾਈ ਸੈਨਾ ਦਾ ਟ੍ਰੇਨਰ ਜਹਾਜ਼ ਹਾਦਸਾਗ੍ਰਸਤ, ਦੋ ਪਾਇਲਟਾਂ ਦੀ ਮੌਤ



ਹੈਦਰਾਬਾਦ, 4 ਦਸੰਬਰ (ਪੋਸਟ ਬਿਊਰੋ): ਤੇਲੰਗਾਨਾ ਵਿੱਚ ਸੋਮਵਾਰ ਸਵੇਰੇ ਭਾਰਤੀ ਹਵਾਈ ਸੈਨਾ ਦਾ ਇੱਕ ਸਿਖਲਾਈ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿਚ ਦੋ ਪਾਇਲਟਾਂ ਦੀ ਮੌਤ ਹੋ ਗਈ। ਇਹ ਜਹਾਜ਼ ਮੇਡਕ ਦੇ ਬਾਹਰਵਾਰ ਪਰਿਧੀ ਰਾਵੇਲੀ ਵਿਚ ਹਾਦਸਾਗ੍ਰਸਤ ਹੋ ਗਿਆ।

ਭਾਰਤੀ ਹਵਾਈ ਫੌਜ ਦੇ ਮੁਤਾਬਕ ਜਹਾਜ਼ ਵਿਚ ਦੋ ਪਾਇਲਟ ਮੌਜੂਦ ਸਨ। ਜਿਸ ਵਿੱਚ ਇੱਕ ਟ੍ਰੇਨਰ ਸੀ ਜੋ ਨਵੇਂ ਕੈਡਿਟ ਨੂੰ ਜਹਾਜ਼ ਉਡਾਉਣ ਦੀ ਸਿੱਖਿਆ ਦੇ ਰਿਹਾ ਸੀ। ਜਹਾਜ਼ ਨੇ ਸੋਮਵਾਰ ਸਵੇਰੇ ਡਿੰਡੀਗੁਲ ਸਥਿਤ ਏਅਰ ਫੋਰਸ ਅਕੈਡਮੀ ਤੋਂ ਉਡਾਨ ਭਰੀ ਅਤੇ ਸਵੇਰੇ 8:55 ਵਜੇ ਕਰੈਸ਼ ਹੋ ਗਿਆ। ਸਥਾਨਕ ਲੋਕਾਂ ਮੁਤਾਬਕ ਜਹਾਜ਼ ਕੁਝ ਹੀ ਮਿੰਟਾਂ 'ਚ ਸੜ ਕੇ ਸੁਆਹ ਹੋ ਗਿਆ।

ਪਿਛਲੇ 8 ਮਹੀਨਿਆਂ ਵਿੱਚ ਹਵਾਈ ਸੈਨਾ ਦਾ ਇਹ ਤੀਜਾ ਜਹਾਜ਼ ਹਾਦਸਾ ਹੈ। ਇਸ ਤੋਂ ਪਹਿਲਾਂ ਜੂਨ ਵਿੱਚ ਟਰੇਨੀ ਏਅਰਕ੍ਰਾਫਟ ਕਿਰਨ ਕਰੈਸ਼ ਹੋ ਗਿਆ ਸੀ। ਮਈ ਵਿੱਚ, ਇੱਕ ਮਿਗ-21 ਜਹਾਜ਼ ਦੇ ਕਰੈਸ਼ ਹੋਣ ਕਾਰਨ ਤਿੰਨ ਪਾਇਲਟਾਂ ਦੀ ਮੌਤ ਹੋ ਗਈ ਸੀ।

# ਮਨੀਪੁਰ ਵਿਚ ਦੋ ਗੁੱਟਾਂ ਵਿਚਾਲੇ ਗੋਲੀਬਾਰੀ, 13 ਲੋਕਾਂ ਦੀ ਮੌਤ



ਇੰਫਾਲ, 4 ਦਸੰਬਰ (ਪੋਸਟ ਬਿਊਰੋ): ਮਨੀਪੁਰ ਵਿਚ ਸੋਮਵਾਰ ਸਵੇਰੇ 10:30 ਵਜੇ ਦੋ ਗੁੱਟਾਂ ਵਿਚਾਲੇ ਹੋਈ ਗੋਲੀਬਾਰੀ ਵਿਚ 13 ਲੋਕਾਂ ਦੀ ਮੌਤ ਹੋ ਗਈ। ਇਹ ਘਟਨਾ ਮਿਆਂਮਾਰ ਦੀ ਸਰਹੱਦ ਨਾਲ ਲੱਗਦੇ ਕੁਕੀ ਪ੍ਰਭਾਵ ਵਾਲੇ ਇਲਾਕੇ ਤੇਂਗਨੋਪਾਲ ਜ਼ਿਲ੍ਹੇ ਦੇ ਲੀਥੂ ਪਿੰਡ ਵਿੱਚ ਵਾਪਰੀ।

ਅਸਾਮ ਰਾਈਫਲਜ਼ ਮੁਤਾਬਕ ਮਿਆਂਮਾਰ ਜਾ ਰਹੇ ਅੱਤਵਾਦੀਆਂ 'ਤੇ ਇਲਾਕੇ ਦੇ ਇਕ ਬਾਗੀ ਸਮੂਹ ਨੇ ਇਹ ਹਮਲਾ ਕੀਤਾ ਹੈ। ਮਾਰੇ ਗਏ ਲੋਕਾਂ ਦੀ ਪਹਿਚਾਣ ਨਹੀਂ ਹੋ ਸਕੀ ਹੈ।

3 ਦਸੰਬਰ ਨੂੰ, ਮਨੀਪੁਰ ਸਰਕਾਰ ਨੇ ਕੁਝ ਖੇਤਰਾਂ ਨੂੰ ਛੱਡ ਕੇ ਰਾਜ ਵਿੱਚ ਮੋਬਾਈਲ ਇੰਟਰਨੈਟ ਸੇਵਾਵਾਂ ਨੂੰ 18 ਦਸੰਬਰ ਤੱਕ ਬਹਾਲ ਕਰ ਦਿੱਤਾ ਸੀ। ਇਸ ਤੋਂ ਬਾਅਦ ਗੋਲੀਬਾਰੀ ਦੀ ਇਹ ਪਹਿਲੀ ਘਟਨਾ ਹੈ।

ਰਾਖਵੇਂਕਰਨ ਨੂੰ ਲੈ ਕੇ ਕੂਕੀ ਅਤੇ ਮੇਤੀ ਸਮੂਹਾਂ ਵਿਚਾਲੇ 3 ਮਈ ਤੋਂ ਸੂਬੇ 'ਚ ਹਿੰਸਾ ਚੱਲ ਰਹੀ ਹੈ। ਹਿੰਸਕ ਘਟਨਾਵਾਂ 'ਚ ਹੁਣ ਤੱਕ 200 ਲੋਕ ਮਾਰੇ ਜਾ ਚੁੱਕੇ ਹਨ। 50 ਹਜ਼ਾਰ ਲੋਕ ਰਾਹਤ ਕੈਂਪਾਂ ਵਿੱਚ ਰਹਿ ਰਹੇ ਹਨ।

## ਅੱਜ ਨਾਮਾ

ਕੀਤੀ ਕਾਂਗਰਸ ਦੀ ਮੀਟਿੰਗ ਸੋਨੀਆ ਨੇ,
ਸਿਆਸਤ ਬਾਰੇ ਸੀ ਕਰੀ ਵਿਚਾਰ ਬੇਲੀ।
ਪੰਜਾਂ ਰਾਜਾਂ ਵਿੱਚ ਹੋਈ ਹੈ ਚੋਣ ਜਿਹੜੀ,
ਕਾਂਗਰਸ ਗਈ ਆਸੱਭੋ ਥਾਂਹਾਰ ਬੇਲੀ।
ਲੀਡਰ ਕਹਿਣ ਨੂੰ ਲੀਡਰ ਨੇ ਕਹੇ ਜਾਂਦੇ,
ਓਦਾਂ ਹੈਨ ਸਾਰੇ ਈ ਬਰਖੁਰਦਾਰ ਬੇਲੀ।
ਨੁਕਸ ਦੱਸਣ ਦੀ ਹਿੰਮਤ ਨਾ ਕਰੇ ਕੋਈ,
ਹਾਜ਼ਰੀ ਨਾਲ ਹੀ ਬੁੱਤਾ ਰਹੇ ਸਾਰ ਬੇਲੀ।
ਜਿਸ ਨੂੰ ਆਗੂ ਪਏ ਸਮਝਦੇ ਪਾਰਟੀ ਦਾ,
ਉਹਦਾ ਭਰਨ ਹੁੰਗਾਰਾ ਨਹੀਂ ਲੋਕ ਬੇਲੀ।
ਅੰਦਰਲੀ ਬਾਤ ਸਭਜਾਣਦੇ ਕਾਂਗਰਸੀਏ,
ਕੋਈ ਨਾ ਕਹਿਣ ਜੋਗਾ ਇਹੋ ਠੋਕ ਬੇਲੀ।

**ਤੀਸ ਮਾਰ ਖਾਂ**

# 'ਓਮ ਜੈ ਜਗਦੀਸ਼ ਹਰੇ' ਦੀ ਪੇਸ਼ਕਾਰੀ ਲਈ ਭਾਰਤ ਵਿੱਚ ਪ੍ਰਸਿੱਧ ਅਮਰੀਕੀ ਗਾਇਕਾ ਨੇ ਭਾਜਪਾ ਨੂੰ ਸ਼ਾਨਦਾਰ ਜਿੱਤ 'ਤੇ ਦਿੱਤੀ ਵਧਾਈ

ਨਿਊਯਾਰਕ, 4 ਦਸੰਬਰ (ਪੋਸਟ ਬਿਊਰੋ): ਮਿਲਬੇਨ, 41, ਰਾਸ਼ਟਰੀ ਗੀਤ ਅਤੇ ਭਗਤੀ ਭਜਨ 'ਓਮ ਜੈ ਜਗਦੀਸ਼ ਹਰੇ' ਦੀ ਪੇਸ਼ਕਾਰੀ ਲਈ ਭਾਰਤ ਵਿੱਚ ਪ੍ਰਸਿੱਧ ਹੈ। ਉਨ੍ਹਾਂ ਨੇ ਭਾਜਪਾ ਨੂੰ ਜਿੱਤ 'ਤੇ ਵਧਾਈ ਦਿੱਤੀ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਨੂੰ ਸਰਵੋਤਮ ਦੱਸਿਆ ਹੈ।

ਭਾਰਤ ਦੇ ਚਾਰ ਰਾਜਾਂ ਵਿੱਚ ਹੋਣ ਵਾਲੀਆਂ ਚੋਣਾਂ ਅਤੇ ਤਿੰਨ ਰਾਜਾਂ ਵਿੱਚ ਭਾਜਪਾ ਦੀ ਬੰਪਰ ਜਿੱਤ ਲਈ ਭਾਰਤ ਵਿੱਚ ਹੀ ਨਹੀਂ, ਸਗੋਂ ਸੱਤ ਸਮੁੰਦਰੋਂ ਪਾਰ ਤੋਂ ਵੀ ਪ੍ਰਸ਼ੰਸਕਾਂ ਨੇ ਆਪਣੀਆਂ ਸ਼ੁਭ ਕਾਮਨਾਵਾਂ ਜ਼ਾਹਰ ਕੀਤੀਆਂ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਜਿਹੀ ਹੀ ਇੱਕ ਪ੍ਰਸ਼ੰਸਕ ਹੈ ਅਮਰੀਕੀ ਗਾਇਕਾ ਮੈਰੀ ਮਿਲਬੇਨ। ਮਿਲਬੇਨ, 41, ਰਾਸ਼ਟਰੀ ਗੀਤ ਅਤੇ ਭਗਤੀ ਭਜਨ 'ਓਮ ਜੈ ਜਗਦੀਸ਼ ਹਰੇ' ਦੀ ਪੇਸ਼ਕਾਰੀ ਲਈ ਭਾਰਤ ਵਿੱਚ ਪ੍ਰਸਿੱਧ ਹੈ। ਉਨ੍ਹਾਂ ਨੇ ਭਾਜਪਾ ਨੂੰ ਜਿੱਤ 'ਤੇ ਵਧਾਈ ਦਿੱਤੀ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਨੂੰ ਸਰਵੋਤਮ ਦੱਸਿਆ ਹੈ।





















# 11ਵੀਂ ਜਮਾਤ ਦੇ ਵਿਦਿਆਰਥੀ ਨੇ ਕੋਚਿੰਗ ਸੈਂਟਰ 'ਚ ਕੀਤੀ ਖੁਦਕੁਸ਼ੀ: ਪਿਤਾ ਨੇ ਕੋਚਿੰਗ ਸੰਚਾਲਕ ਤੇ ਪੀਜੀ ਮਾਲਕ 'ਤੇ ਲਾਏ ਕਤਲ ਦੇ ਦੋਸ਼

ਬਲੋਤਰਾ, 4 ਦਸੰਬਰ (ਪੋਸਟ ਬਿਊਰੋ): ਬਲੋਤਰਾ ਵਿਚ 17 ਸਾਲਾ ਵਿਦਿਆਰਥੀ ਨੇ ਕੋਚਿੰਗ ਸੈਂਟਰ ਵਿਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਜਦੋਂ ਵਿਦਿਆਰਥੀ ਕਲਾਸ ਵਿੱਚ ਨਾ ਆਇਆ ਤਾਂ ਕੋਚਿੰਗ ਡਾਇਰੈਕਟਰ ਨੇ ਛੱਤ ਅਤੇ ਹੋਰ ਕਮਰਿਆਂ ਦੀ ਤਲਾਸ਼ੀ ਲਈ। ਇਕ ਕਮਰੇ ਦਾ ਗੇਟ ਅੰਦਰੋਂ ਬੰਦ ਸੀ। ਜਦੋਂ ਲੋਕਾਂ ਨੇ ਗੇਟ ਤੋੜਿਆ ਤਾਂ ਦੇਖਿਆ ਕਿ ਵਿਦਿਆਰਥੀ ਲਟਕ ਰਿਹਾ ਸੀ। ਕੋਚਿੰਗ ਸੰਚਾਲਕ ਨੇ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ।



ਇਹ ਘਟਨਾ ਸੋਮਵਾਰ ਸ਼ਾਮ ਕਰੀਬ 5:30 ਵਜੇ ਸ਼ਹਿਰ ਦੇ ਨਵੇਂ ਬੱਸ ਸਟੈਂਡ ਨੇੜੇ ਸਥਿਤ ਸਾਇੰਸ ਕੋਚਿੰਗ ਸੈਂਟਰ ਵਿਖੇ ਵਾਪਰੀ। ਵਿਦਿਆਰਥੀ ਦੇ ਪਿਤਾ ਨੇ ਕੋਚਿੰਗ ਸੰਚਾਲਕ ਅਤੇ ਪੀਜੀ ਮਾਲਕ 'ਤੇ ਕਤਲ ਦਾ ਦੋਸ਼ ਲਗਾਇਆ ਹੈ। ਫਿਲਹਾਲ ਖੁਦਕੁਸ਼ੀ ਦੇ ਕਾਰਨਾਂ ਦੀ ਪੁਸ਼ਟੀ ਨਹੀਂ ਹੋ ਸਕੀ ਹੈ।

ਥਾਣਾ ਸਦਰ ਦੇ ਅਧਿਕਾਰੀ ਉਮਰਰਾਜ ਸੋਨੀ ਨੇ ਦੱਸਿਆ ਕਿ 11ਵੀਂ ਜਮਾਤ ਦੇ ਵਿਦਿਆਰਥੀ ਜਤਿੰਦਰ ਜਾਟ (17) ਪੁੱਤਰ ਬੰਸ਼ੀਲਾਲ ਜਾਟ ਵਾਸੀ ਭੰਡਿਆਵਾਸ ਨੇ ਬਲੋਤਰਾ ਦੇ ਨਵੇਂ ਬੱਸ ਸਟੈਂਡ ਨੇੜੇ ਸਥਿਤ ਸਾਇੰਸ ਕੋਚਿੰਗ ਸੈਂਟਰ ਦੇ ਇੱਕ ਕਮਰੇ ਵਿੱਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਉਹ ਇੱਥੇ ਛੇ ਮਹੀਨਿਆਂ ਤੋਂ ਕੋਚਿੰਗ ਲੈ ਰਿਹਾ ਸੀ। ਕੋਚਿੰਗ ਸੈਂਟਰ ਤੋਂ 200 ਮੀਟਰ ਦੀ ਦੂਰੀ 'ਤੇ ਸਥਿਤ ਪੀ.ਜੀ. 'ਚ ਰਹਿੰਦਾ ਸੀ। ਜਤਿੰਦਰ ਸ਼ਾਮ ਕਰੀਬ 5:30 ਵਜੇ ਕੋਚਿੰਗ ਸੈਂਟਰ ਪਹੁੰਚੇ। ਪਰ ਜਦੋਂ ਉਹ ਕਲਾਸ ਵਿੱਚ ਨਹੀਂ ਪਹੁੰਚਿਆ ਤਾਂ ਕੋਚਿੰਗ ਡਾਇਰੈਕਟਰ ਭੁਪਿੰਦਰ ਅਤੇ ਹੋਰ ਵਿਦਿਆਰਥੀਆਂ ਨੇ ਇਧਰ-ਉਧਰ ਭਾਲ ਕੀਤੀ ਪਰ ਉਹ ਕਿਤੇ ਨਜ਼ਰ ਨਹੀਂ ਆਇਆ। ਕੋਚਿੰਗ ਸੈਂਟਰ ਦਾ ਇੱਕ ਕਮਰਾ ਅੰਦਰੋਂ ਬੰਦ ਸੀ। ਜਦੋਂ ਲੋਕਾਂ ਨੇ ਕਮਰੇ ਦਾ ਗੇਟ ਤੋੜਿਆ ਤਾਂ ਜਤਿੰਦਰ ਨੂੰ ਪੱਖੇ ਨਾਲ ਫਾਹੇ ਨਾਲ ਲਟਕਦਾ ਦੇਖਿਆ ਗਿਆ।

# ਸਾਬਕਾ ਪ੍ਰਧਾਨ ਮੰਤਰੀ ਦੀ ਨੂੰਹ ਦੀ ਗੱਡੀ ਨਾਲ ਮੋਟਰਸਾਈਕਲ ਟਕਰਾਇਆ ਤਾਂ, ਮੋਟਰਸਾਈਕਲ ਸਵਾਰ ਨੂੰ ਕਿਹਾ- ਬੱਸ ਹੇਠਾਂ ਆ ਕੇ ਮਰੋ

ਨਵੀਂ ਦਿੱਲੀ, 4 ਦਸੰਬਰ (ਪੋਸਟ ਬਿਊਰੋ): ਸਾਬਕਾ ਪ੍ਰਧਾਨ ਮੰਤਰੀ ਐੱਚ.ਡੀ. ਦੇਵਗੌੜਾ ਦੀ ਨੂੰਹ ਭਵਾਨੀ ਰਵਾਨਾ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਜਿਸ ਵਿੱਚ ਉਹ ਇੱਕ ਵਿਅਕਤੀ ਨੂੰ ਆਪਣੀ ਕਾਰ ਦੀ ਬਜਾਏ ਬੱਸ ਹੇਠਾਂ ਆ ਕੇ ਮਰਨ ਦੀ ਗੱਲ ਕਹਿ ਰਹੇ ਹਨ।

ਦਰਅਸਲ, 1 ਦਸੰਬਰ ਨੂੰ ਭਵਾਨੀ ਉਡੁਪੀ ਦੇ ਸਾਲਿਗਰਾਮਾ ਜਾ ਰਹੀ ਸੀ। ਰਸਤੇ ਵਿਚ ਉਸ ਦੀ ਕਾਰ ਨਾਲ ਮੋਟਸਾਈਕਲ ਦੀ ਟੱਕਰ ਹੋ ਗਈ। ਇਸ 'ਤੇ ਭਵਾਨੀ ਕਾਰ ਤੋਂ ਹੇਠਾਂ ਉਤਰ ਗਈ



ਅਤੇ ਬਾਈਕ ਸਵਾਰ ਨੂੰ ਝਿੜਕਣਾ ਸ਼ੁਰੂ ਕਰ ਦਿੱਤਾ। ਭਵਾਨੀ ਨੇ ਬਾਈਕ ਸਵਾਰ ਨੂੰ ਕਿਹਾ- ਮਰਨਾ ਹੈ ਤਾਂ ਬੱਸ ਦੇ ਹੇਠਾਂ ਜਾ ਕੇ ਮਰ। ਮੇਰੀ ਕਾਰ ਦੀ ਕੀਮਤ 1.5 ਕਰੋੜ ਹੈ। ਕੀ ਤੁਸੀਂ ਇਸ ਦੇ ਨੁਕਸਾਨ ਲਈ 50 ਲੱਖ ਰੁਪਏ ਅਦਾ ਕਰੋਗੇ?

ਵੀਡੀਓ ਵਿਚ ਦੇਖਿਆ ਜਾ ਸਕਦਾ ਹੈ ਕਿ ਮੌਕੇ 'ਤੇ ਮੌਜੂਦ ਕੁਝ ਲੋਕ ਉਸ ਨੂੰ ਹੰਕਾਰੀ ਕਹਿ ਰਹੇ ਹਨ। ਉੱਥੇ ਹੀ ਕੁਝ ਲੋਕ ਬਾਈਕ ਸਵਾਰਾਂ ਵੱਲੋਂ ਗਲਤ ਸਾਈਡ 'ਤੇ ਬਾਈਕ ਸਵਾਰ ਨੂੰ ਲੈ ਕੇ ਸਵਾਲ ਵੀ ਉਠਾ ਰਹੇ ਹਨ।

# ਆਯੁਸ਼ਮਾਨ ਕਾਰਡ ਬੰਪਰ ਡਰਾਅ: ਪੰਜਾਬ ਸਰਕਾਰ ਨੇ ਆਖਰੀ ਤਰੀਕ ਵਧਾ ਕੇ 31 ਦਸੰਬਰ ਕੀਤੀ

**ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਨਾਮ ਦਰਜ ਕਰਵਾਉ ਤੇ 1 ਲੱਖ ਰੁਪਏ ਜਿੱਤਣ ਦਾ ਮੌਕਾ ਪਾਓ**

ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਦੇ ਵੱਧ ਤੋਂ ਵੱਧ ਲੋਕਾਂ ਨੂੰ ਸਿਹਤ ਬੀਮਾ ਅਧੀਨ ਕਵਰ ਕਰਨ ਲਈ ਪੰਜਾਬ ਰਾਜ ਸਿਹਤ ਏਜੰਸੀ ਨੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਯੂਸ਼ਮਾਨ ਕਾਰਡ ਬੰਪਰ ਡਰਾਅ ਨੂੰ 31 ਦਸੰਬਰ, 2023 ਤੱਕ ਵਧਾਉਣ ਦਾ ਫੈਸਲਾ ਕੀਤਾ ਹੈ।

ਜ਼ਿਕਰਯੋਗ ਹੈ ਕਿ 16 ਅਕਤੂਬਰ ਨੂੰ ਵਿਸ਼ੇਸ਼ ਦੀਵਾਲੀ ਬੰਪਰ ਡਰਾਅ ਲਾਂਚ ਕੀਤਾ ਗਿਆ ਸੀ, ਜਿਸ ਤਹਿਤ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਆਪਣੇ ਆਪ ਨੂੰ ਰਜਿਸਟਰ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ 1 ਲੱਖ ਰੁਪਏ ਤੱਕ ਦਾ ਇਨਾਮ ਜਿੱਤਣ ਦਾ ਮੌਕਾ ਮਿਲੇਗਾ। ਇਸ ਤੋਂ ਪਹਿਲਾਂ ਬੰਪਰ ਦੀ ਆਖਰੀ ਤਰੀਕ 30 ਨਵੰਬਰ 2023 ਸੀ।

ਰਾਜ ਸਿਹਤ ਏਜੰਸੀ ਦੀ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਬਬੀਤਾ ਨੇ ਕਿਹਾ ਕਿ ਲੋਕਾਂ ਦੇ ਭਰਵੇਂ ਹੁੰਗਾਰੇ ਤੋਂ ਬਾਅਦ, ਵਿਭਾਗ ਨੇ ਡਰਾਅ ਨੂੰ 31 ਦਸੰਬਰ, 2023 ਤੱਕ ਵਧਾਉਣ ਦਾ ਫੈਸਲਾ ਕੀਤਾ ਹੈ ਤਾਂ ਜੋ ਵੱਧ ਤੋਂ ਵੱਧ ਲਾਭਪਾਤਰੀ ਇਸ ਸਕੀਮ ਦਾ ਲਾਭ ਲੈ ਸਕਣ। ਦੱਸਣਯੋਗ ਹੈ ਕਿ ਲੱਕੀ ਡਰਾਅ ਦੀ ਮਿਆਦ ਦੌਰਾਨ 1.80 ਲੱਖ ਤੋਂ ਵੱਧ ਲੋਕ ਪਹਿਲਾਂ ਹੀ ਆਯੁਸ਼ਮਾਨ ਕਾਰਡ ਲਈ ਨਾਮ ਦਰਜ ਕਰਵਾ ਚੁੱਕੇ ਹਨ।

ਡਰਾਅ ਬਾਰੇ ਹੋਰ ਜਾਣਕਾਰੀ ਦਿੰਦਿਆਂ ਰਾਜ ਸਿਹਤ ਏਜੰਸੀ ਦੀ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਬਬੀਤਾ ਨੇ ਦੱਸਿਆ ਕਿ ਡਰਾਅ ਰਾਹੀਂ 10 ਜੇਤੂਆਂ ਦੀ ਚੋਣ ਕੀਤੀ ਜਾਵੇਗੀ ਅਤੇ ਪਹਿਲਾ ਇਨਾਮ 1 ਲੱਖ ਰੁਪਏ, ਦੂਜਾ




ਇਨਾਮ 50000 ਰੁਪਏ ਅਤੇ ਤੀਜਾ ਇਨਾਮ 25000 ਰੁਪਏ ਦਿੱਤਾ ਜਾਵੇਗਾ। ਇਸੇ ਤਰ੍ਹਾਂ ਚੌਥਾ ਇਨਾਮ 10000 ਰੁਪਏ ਅਤੇ ਪੰਜਵਾਂ ਇਨਾਮ 8000 ਰੁਪਏ ਹੈ ਜਦਕਿ ਛੇਵਾਂ ਤੋਂ ਦਸਵਾਂ ਇਨਾਮ 5000 ਰੁਪਏ ਹੋਵੇਗਾ। ਹੁਣ, ਡਰਾਅ ਜਨਵਰੀ 2024 ਵਿੱਚ ਕੱਢਿਆ ਜਾਵੇਗਾ।

ਸੀਈਓ ਬਬੀਤਾ ਨੇ ਕਿਹਾ ਕਿ ਇਹ ਵਿਸ਼ੇਸ਼ ਮੁਹਿੰਮ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਵਿੱਚ ਵੱਧ ਤੋਂ ਵੱਧ ਲੋਕਾਂ ਦਾ ਨਾਮ ਦਰਜ ਕਰਵਾਉਣ ਲਈ ਪੰਜਾਬ ਸਰਕਾਰ ਦੀ ਇੱਕ ਹੋਰ ਪਹਿਲਕਦਮੀ ਹੈ ਜਿਸ ਜ਼ਰੀਏ ਆਯੁਸ਼ਮਾਨ ਕਾਰਡ ਬਣਾਉਣ ਨੂੰ ਉਤਸ਼ਾਹਿਤ ਕੀਤਾ ਜਾਵੇਗਾ।

ਉਹਨਾਂ ਅੱਗੇ ਦੱਸਿਆ ਕਿ ਲਾਭਪਾਤਰੀ "ਆਯੁਸ਼ਮਾਨ ਐਪ" ਦੀ ਵਰਤੋਂ ਕਰਕੇ, ਵੈਬਸਾਈਟ 'ਤੇ ਜਾ ਕੇ ਜਾਂ ਆਪਣੇ ਨਜ਼ਦੀਕੀ ਆਸ਼ਾ ਵਰਕਰ ਜਾਂ ਸੂਚੀਬੱਧ ਹਸਪਤਾਲਾਂ ਤੱਕ ਪਹੁੰਚ ਕਰਕੇ ਆਸਾਨੀ ਨਾਲ ਆਪਣੇ ਕਾਰਡ ਪ੍ਰਾਪਤ ਕਰ ਸਕਦੇ ਹਨ।

ਇਹ ਸਕੀਮ ਸੂਬੇ ਭਰ ਦੇ 800 ਤੋਂ ਵੱਧ ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ ਹਰੇਕ ਪਰਿਵਾਰ ਲਈ ਪ੍ਰਤੀ ਸਾਲ 5 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਪੇਸ਼ਕਸ਼ ਕਰਦੀ ਹੈ। ਸੂਬੇ ਵਿੱਚ 44 ਲੱਖ ਤੋਂ ਵੱਧ ਪਰਿਵਾਰ ਇਸ ਸਕੀਮ ਦਾ ਲਾਭ ਲੈ ਰਹੇ ਹਨ, ਜਿਸ ਵਿੱਚ ਗੋਡੇ ਬਦਲਾਉਣ, ਦਿਲ ਦੀ ਸਰਜਰੀ, ਕੈਂਸਰ ਦੇ ਇਲਾਜ ਆਦਿ ਸਮੇਤ ਲਗਭਗ 1600 ਕਿਸਮਾਂ ਦੇ ਇਲਾਜ ਸ਼ਾਮਲ ਹਨ। ਇਹਨਾਂ ਲਾਭਪਾਤਰੀ ਪਰਿਵਾਰਾਂ ਵਿੱਚ ਐਨ.ਐਫ.ਐਸ.ਏ. ਰਾਸ਼ਨ ਕਾਰਡ ਧਾਰਕ, ਜੇ-ਫਾਰਮ ਧਾਰਕ ਕਿਸਾਨ, ਰਜਿਸਟਰਡ ਮਜ਼ਦੂਰ, ਰਜਿਸਟਰਡ ਛੋਟੇ ਵਪਾਰੀ, ਮਾਨਤਾ ਪ੍ਰਾਪਤ ਅਤੇ ਪੀਲੇ ਕਾਰਡ ਧਾਰਕ ਪੱਤਰਕਾਰ ਅਤੇ 2011 ਦੇ ਸਮਾਜਿਕ-ਆਰਥਿਕ ਜਾਤੀ ਜਨਗਣਨਾ ਡਾਟਾ ਤਹਿਤ ਕਵਰ ਕੀਤੇ ਗਏ ਪਰਿਵਾਰ ਸ਼ਾਮਲ ਹਨ।

# ਪੰਜਾਬ ਸਰਕਾਰ ਵੱਲੋਂ ਪਠਾਨਕੋਟ 'ਚ ਗ਼ੈਰ-ਕਾਨੂੰਨੀ ਖਣਨ ਵਿਰੁੱਧ ਜ਼ੋਰਦਾਰ ਕਾਰਵਾਈ, 7 ਵਿਅਕਤੀ ਗ੍ਰਿਫ਼ਤਾਰ ਅਤੇ ਮਸ਼ੀਨਰੀ ਜ਼ਬਤ

## ਭਵਿੱਖ ਵਿੱਚ ਅਜਿਹੀਆਂ ਕਾਰਵਾਈਆਂ ਨਿਰੰਤਰ ਤੇਜ਼ੀ ਨਾਲ ਜਾਰੀ ਰਹਿਣਗੀਆਂ: ਚੇਤਨ ਸਿੰਘ ਜੌੜਾਮਾਜਰਾ

ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਦੇ ਖ਼ਾਤਮੇ ਲਈ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਠਾਨਕੋਟ ਜ਼ਿਲ੍ਹੇ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ ਅਤੇ ਸੱਤ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਸਣੇ ਮਸ਼ੀਨਰੀ ਨੂੰ ਜ਼ਬਤ ਕੀਤਾ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਗ਼ੈਰ-ਕਾਨੂੰਨੀ ਖਣਨ ਦਾ ਪਤਾ ਲੱਗਣ 'ਤੇ ਤੁਰੰਤ ਕਾਰਵਾਈ ਕਰਦਿਆਂ ਖਣਨ ਅਤੇ ਭੂ-ਵਿਗਿਆਨ ਵਿਭਾਗ ਨੇ ਪੁਲਿਸ ਵਿਭਾਗ ਨੂੰ ਇਸ ਮਾਮਲੇ ਵਿੱਚ ਐਫ.ਆਈ.ਆਰ. ਦਰਜ ਕਰਨ ਲਈ ਕਿਹਾ।

ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਵਿਭਾਗ ਅਤੇ ਪੁਲਿਸ ਦੀ ਸਫ਼ਲ ਕਾਰਵਾਈ ਤਹਿਤ ਦੋ ਵੱਖ-ਵੱਖ ਥਾਵਾਂ 'ਤੇ ਗ਼ੈਰ-ਕਾਨੂੰਨੀ ਢੰਗ ਨਾਲ ਚੱਲ ਰਹੀਆਂ ਖਣਨ ਗਤੀਵਿਧੀਆਂ ਵਿੱਚ ਸ਼ਾਮਲ 7 ਵਿਅਕਤੀਆਂ ਨੂੰ ਮੌਕੇ 'ਤੇ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਤੋਂ ਇਲਾਵਾ ਕਰੱਸ਼ਿੰਗ ਲਈ ਕੱਚੇ ਮਾਲ ਨਾਲ ਲੱਦੇ ਚਾਰ ਟਿੱਪਰਾਂ, ਇੱਕ ਜੇ.ਸੀ.ਬੀ ਮਸ਼ੀਨ ਸਮੇਤ ਬਜਰੀ-ਗਟਕੇ ਨਾਲ ਲੱਦੇ ਟਰੈਕਟਰ-ਟਰਾਲੀ ਨੂੰ ਵੀ ਜ਼ਬਤ ਕੀਤਾ ਗਿਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮਾਈਨਿੰਗ ਐਂਡ ਮਿਨਰਲਜ਼ ਐਕਟ ਦੀ ਧਾਰਾ 4(1), 21(1) ਅਤੇ ਆਈ.ਪੀ.ਸੀ. ਦੀ ਧਾਰਾ 379 ਤਹਿਤ ਥਾਣਾ ਮਾਮੂਨ ਅਤੇ ਥਾਣਾ ਨੰਗਲ ਭੂਰ ਵਿਖੇ ਦੋ ਵੱਖ-ਵੱਖ ਮੁਕੱਦਮੇ ਦਰਜ ਕੀਤੇ ਗਏ ਹਨ।

ਖਣਨ ਮੰਤਰੀ ਨੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੀ.ਐਸ.ਪੀ ਸਿਟੀ ਪਠਾਨਕੋਟ ਦੀ ਮੁਸਤੈਦ ਨਿਗਰਾਨੀ ਹੇਠ ਚਲਾਏ ਗਏ



ਆਪ੍ਰੇਸ਼ਨ ਦੌਰਾਨ ਥਾਣਾ ਨੰਗਲ ਭੂਰ ਦੀ ਮਹਿਲਾ ਐਸ.ਐਚ.ਓ. ਵੱਲੋਂ ਬਹਾਦਰੀ ਨਾਲ ਦਰਿਆ ਪਾਰ ਕਰਕੇ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਵਿਰੁੱਧ ਪੰਜਾਬ ਸਰਕਾਰ ਦੀ ਸੁਹਿਰਦਤਾ ਅਤੇ ਸੂਬੇ ਦੇ ਕੁਦਰਤੀ ਸੋਮਿਆਂ ਦੀ ਰਾਖੀ ਲਈ ਦ੍ਰਿੜ੍ਹ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਖਣਨ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਵਿਭਾਗ ਨੇ ਗ਼ੈਰ-ਕਾਨੂੰਨੀ ਮਾਈਨਿੰਗ ਵਿਰੁੱਧ ਨਾ-ਕਾਬਿਲੇ-ਬਰਦਾਸ਼ਤ ਨੀਤੀ ਅਪਣਾਈ ਹੋਈ ਹੈ। ਉਨ੍ਹਾਂ ਕਿਹਾ ਕਿ ਅਗਲੇ ਦਿਨਾਂ ਵਿੱਚ ਵੀ ਅਜਿਹੀਆਂ ਕਾਰਵਾਈਆਂ ਤੇਜ਼ੀ ਨਾਲ ਜਾਰੀ ਰਹਿਣਗੀਆਂ ਅਤੇ ਗ਼ੈਰ-ਕਾਨੂੰਨੀ ਖਣਨ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਸ਼ਖ਼ਸ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# ਮੋਗਾ ਪੁਲਿਸ ਦਾ ਨੌਜਵਾਨਾਂ ਨੂੰ ਨਸ਼ਿਆਂ ਨਾਲੋਂ ਤੋੜ ਕੇ ਖੇਡਾਂ ਨਾਲ ਜੋੜਨ ਦਾ ਉਪਰਾਲਾ

## ਕਬੱਡੀ ਟੂਰਨਾਮੈਂਟ ਵਿੱਚ ਪੰਜਾਬ ਪੁਲਿਸ ਮਾਣੂਕੇ ਦੀ ਟੀਮ ਜੇਤੂ ਰਹੀ

ਮੋਗਾ, 4 ਨਵੰਬਰ (ਗਿਆਨ ਸਿੰਘ): ਮੁੱਖ ਮੰਤਰੀ, ਪੰਜਾਬ ਅਤੇ ਡੀ.ਜੀ.ਪੀ. ਪੰਜਾਬ ਵੱਲੋ ਨਸ਼ਿਆਂ ਨੂੰ ਪੰਜਾਬ ਵਿੱਚੋ ਜੜ੍ਹ ਤੋਂ ਖਤਮ ਕਰਨ ਲਈ ਮੁਹਿੰਮ ਚਲਾਈ ਜਾ ਰਹੀ ਰਹੀ ਹੈ। ਨਸੇ ਦੀ ਸਪਲਾਈ ਨੂੰ ਗਰਾਊਡ ਲੈਵਲ ਪਰ ਬਿਲਕੁਲ ਖਤਮ ਕਰਨ ਲਈ ਅਤੇ



ਨੌਜਵਾਨ ਪੀੜੀ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵ, ਸਮਾਜਿਕ ਬੁਰਾਈਆਂ, ਆਪਣਾ ਧਿਆਨ ਪੜਾਈ ਤੇ ਖੇਡਾਂ ਵਿੱਚ ਦੇਣ, ਜਿੰਮੇਵਾਰ ਨਾਗਰਿਕ ਬਨਣ, ਸਰੀਰਕ ਤੰਦਰੁਸਤੀ ਨੂੰ ਉਤਸਾਹਤ ਕਰਨ ਲਈ ਸੈਮੀਨਾਰ ਅਤੇ ਖੇਡ ਟੂਰਨਾਮੈਂਟ ਕਰਵਾਏ ਜਾ ਰਹੇ ਹਨ। ਇਹ ਵਿਚਾਰ ਅੱਜ ਫਰੀਦਕੋਟ ਰੇਂਜ ਦੇ ਆਈ ਜੀ ਗੁਰਸਰਨ ਸਿੰਘ ਸੰਧੂ ਨੇ ਅੱਜ ਪਿੰਡ ਘੱਲ ਕਲਾਂ ਵਿਖੇ ਮੋਗਾ ਪੁਲਿਸ ਵੱਲੋਂ ਕਰਵਾਏ ਗਏ ਕਬੱਡੀ ਟੂਰਨਾਮੈਂਟ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।

ਉਹਨਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਲਈ ਸਿਰ ਤੋੜ ਯਤਨ ਜਾਰੀ ਰਹਿਣਗੇ । ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਲਿਜਾਣ ਦਾ ਇਹ ਤਰੀਕਾ ਬਹੁਤ ਹੀ ਕਾਰਗਰ ਸਾਬਿਤ ਹੋ ਰਿਹਾ ਹੈ। ਉਹਨਾਂ ਨਸਾ ਤਸਕਰਾਂ ਨੂੰ ਵੀ ਚਿਤਾਵਨੀ ਦਿੱਤੀ ਕਿ ਉਹ ਇਸ ਗੈਰਕਾਨੂੰਨੀ ਕੰਮ ਨੂੰ ਬੰਦ ਕਰ ਦੇਣ ਨਹੀਂ ਤਾਂ ਉਹਨਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਉਹਨਾਂ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੀ ਵੰਡ ਕੀਤੀ। ਇਸ ਟੂਰਨਾਮੈਂਟ ਵਿੱਚ ਪੰਜਾਬ ਪੁਲਿਸ ਮਾਣੂਕੇ ਦੀ ਟੀਮ ਪਹਿਲੇ ਸਥਾਨ ਉੱਤੇ, ਜਦਕਿ ਡਗਰੂ ਦੀ ਟੀਮ ਦੂਜੇ ਅਤੇ ਮੱਲ੍ਹੀ ਗਰੁੱਪ ਦੀ ਟੀਮ ਤੀਜੇ ਸਥਾਨ ਉੱਤੇ ਰਹੀ। ਪਹਿਲੇ, ਦੂਜੇ ਤੇ ਤੀਜੇ ਨੰਬਰ ਪਰ ਆਉਣ ਵਾਲੀਆਂ ਟੀਮਾਂ ਨੂੰ ਕ੍ਰਮਵਾਰ 15000, 11000, 5000 ਰੁਪਏ ਦੇ ਨਕਦ ਇਨਾਮ ਦਿੱਤੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਿਸ ਮੁਖੀ ਵਿਵੇਕਸ਼ੀਲ ਸੋਨੀ ਨੇ ਦੱਸਿਆ ਕਿ ਇਸ ਮੁਹਿੰਮ ਦੇ ਤਹਿਤ ਜਿਲਾ ਪੁਲਿਸ ਮੋਗਾ ਵੱਲੋ ਪਹਿਲਾਂ ਮੈਰਾਥਨ ਦੌੜ ਕਰਵਾਈ ਗਈ ਸੀ ਅਤੇ ਬਲੂਮਿੰਗ ਬਡਸ ਸਕੂਲ ਤਲਵੰਡੀ ਭੰਗੇਰੀਆਂ (ਮੋਗਾ) ਵਿਖੇ ਕ੍ਰਿਕਟ, ਵਾਲੀਬਾਲ, ਰੱਸਾ ਕੱਸੀ, ਬੈਡਮਿੰਟਨ ਆਦਿ ਦੇ ਟੂਰਨਾਮੈਂਟ ਕਰਵਾਏ ਗਏ ਸਨ। ਸਮਾਗਮ ਦੌਰਾਨ ਡਿਪਟੀ ਕਮਿਸਨਰ ਕੁਲਵੰਤ ਸਿੰਘ ਨੇ ਵਿਸੇਸ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਐੱਸ ਪੀ ਸਥਾਨਕ ਮਨਮੀਤ ਸਿੰਘ ਢਿੱਲੋਂ, ਐੱਸ ਪੀ ਜਾਂਚ ਅਜੇ ਰਾਜ ਸਿੰਘ, ਇੰਸਪੈਕਟਰ ਹਰਜੀਤ ਸਿੰਘ ਅਤੇ ਹੋਰ ਹਾਜ਼ਿਰ ਸਨ।









## ਕੁਲਵੰਤ ਸਿੰਘ ਆਈ.ਏ.ਐਸ. ਵਲੋਂ ਡਿਪਟੀ ਕਮਿਸ਼ਨਰ ਲੁਧਿਆਣਾ ਦਾ ਵਾਧੂ ਚਾਰਜ ਸੰਭਾਲਿਆ

ਲੁਧਿਆਣਾ, 4 ਦਸੰਬਰ (ਗਿਆਨ ਸਿੰਘ): 2012 ਬੈਚ ਦੇ ਆਈ.ਏ.ਐਸ. ਅਧਿਕਾਰੀ ਮੋਗਾ ਦੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਡਿਪਟੀ ਕਮਿਸ਼ਨਰ ਲੁਧਿਆਣਾ ਵਜੋਂ ਵਾਧੂ ਚਾਰਜ ਸੰਭਾਲ ਲਿਆ ਹੈ। ਉਹ ਡਿਪਟੀ ਕਮਿਸ਼ਨਰ ਲੁਧਿਆਣਾ ਸੁਰਭੀ ਮਲਿਕ, ਆਈ.ਏ.ਐਸ. ਦੇ ਛੁੱਟੀ ਦੇ ਸਮੇਂ ਦੌਰਾਨ ਲੁਧਿਆਣਾ ਪ੍ਰਸ਼ਾਸਨ ਦੀ ਅਗਵਾਈ ਕਰਨਗੇ।

ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁੱਜੇ ਜਿੱਥੇ ਉਨ੍ਹਾਂ ਆਪਣਾ ਵਾਧੂ ਚਾਰਜ ਸੰਭਾਲ ਲਿਆ। ਉਨ੍ਹਾਂ ਦਾ ਲੁਧਿਆਣਾ ਪ੍ਰਸ਼ਾਸਨ ਦੀ ਸਮੁੱਚੀ ਟੀਮ ਸਮੇਤ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ, ਐਸ.ਡੀ.ਐਮ. ਵਿਕਾਸ ਹੀਰਾ, ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ ਅਤੇ ਹੋਰ ਅਧਿਕਾਰੀਆਂ ਵੱਲੋਂ ਸਵਾਗਤ ਕੀਤਾ ਗਿਆ।




ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਵਲੋਂ ਲੁਧਿਆਣਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਸ਼ੁਰੂਆਤੀ ਮੀਟਿੰਗ ਕੀਤੀ, ਉਪਰੰਤ ਚੱਲ ਰਹੇ ਪ੍ਰੋਜੈਕਟਾਂ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਪਹਿਲਕਦਮੀਆਂ ਨੂੰ ਨੇਪਰੇ ਚਾੜ੍ਹਨ ਨੂੰ ਪਹਿਲ ਦਿੱਤੀ ਜਾਵੇ ਤਾਂ ਜੋ ਇਨ੍ਹਾਂ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਇਆ ਜਾ ਸਕੇ।

## ਪਿੰਡਾਂ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਜ਼ਿਲ੍ਹੇ ਵਿੱਚ ਲਗਾਏ ਜਾਣਗੇ ਸੁਵਿਧਾ ਕੈਂਪ : ਡਿਪਟੀ ਕਮਿਸ਼ਨਰ

ਸ੍ਰੀ ਮੁਕਤਸਰ ਸਾਹਿਬ, 4 ਦਸੰਬਰ (ਗਿਆਨ ਸਿੰਘ): ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ, ਡਾ. ਰੂਹੀ ਦੁੱਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਦੇ ਮੰਤਵ ਨਾਲ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਬਲਾਕ ਦੇ ਪਿੰਡਾਂ ਵਿੱਚ 4 ਦਸੰਬਰ ਤੋਂ 27 ਦਸੰਬਰ 2023 ਤੱਕ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਸਵੇਰੇ 11.00 ਵਜੇ ਤੋਂ ਦੌਰੇ ਕਰਨ ਸਬੰਧੀ ਪ੍ਰੋਗਰਾਮ ਉਲੀਕਿਆ ਗਿਆ ਹੈ।

ਉਹਨਾਂ ਦੱਸਿਆ ਕਿ ਇਸ ਸ਼ਡਿਊਲ ਅਨੁਸਾਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਖੁਦ ਮੌਕੇ ਤੇ ਪਹੁੰਚ ਕੇ ਪਿੰਡਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਉਪਰੰਤ ਜਲਦ ਤੋਂ ਜਲਦ ਹੱਲ ਕਰਵਾਉਣ ਦੇ ਪਾਬੰਦ ਹੋਣਗੇ।

ਉਲੀਕੇ ਗਏ ਪ੍ਰੋਗਰਾਮ ਅਨੁਸਾਰ ਡਿਪਟੀ ਕਮਿਸ਼ਨਰ ਵੱਲੋਂ ਖੁਦ 5 ਦਸੰਬਰ ਨੂੰ ਬਲਾਕ ਮਲੋਟ ਦੇ ਪਿੰਡ ਭੁਲੇਰੀਆਂ ਵਿਖੇ ਲੱਕੜਵਾਲਾ ਅਤੇ ਖਾਨੇ ਕੀ ਢਾਬ, 12 ਦਸੰਬਰ ਨੂੰ ਬਲਾਕ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਥਾਂਦੇਵਾਲਾ ਵਿਖੇ ਕੋਟਲੀ ਸੰਘਰ ਅਤੇ ਭੁੱਟੀਵਾਲਾ, 19 ਦਸੰਬਰ ਨੂੰ ਬਲਾਕ ਗਿੱਦੜਬਾਹਾ ਦੇ ਪਿੰਡ ਘੱਗਾ ਵਿਖੇ ਫਕਰਸਰ ਅਤੇ ਥੇਹੜੀ ਅਤੇ 26 ਦਸੰਬਰ ਨੂੰ ਬਲਾਕ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਰੁਪਾਣਾ ਵਿਖੇ ਸੋਥਾ ਅਤੇ ਮਰਾਜਵਾਲਾ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ।

ਨਿਰਧਾਰਿਤ ਪ੍ਰੋਗਰਾਮ ਅਨੁਸਾਰ ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ 15 ਦਸੰਬਰ ਨੂੰ ਪਿੰਡ ਮੌੜ ਵਿਖੇ ਬਲਮਗੜ੍ਹ ਅਤੇ ਚੱਕ ਬਧਾਈ ਦੇ ਵਸਨੀਕਾਂ ਦੀਆਂ ਮੁਸ਼ਕਲਾਂ ਸੁਣਨਗੇ। ਐਸ.ਡੀ.ਐਮ. ਮਲੋਟ ਵੱਲੋਂ 8 ਦਸੰਬਰ ਨੂੰ ਪਿੰਡ ਢਾਣੀ ਕੁੰਦਣ ਵਿਖੇ ਢਾਣੀ ਬਰਕੀ ਅਤੇ ਸ਼ਾਮਕੋਟ, 18 ਦਸੰਬਰ ਨੂੰ ਪਿੰਡ ਕੋਲਿਆਂਵਾਲੀ ਵਿਖੇ ਬੁਰਜ ਸਿੱਧਵਾਂ ਅਤੇ ਛਾਪਿਆਂਵਾਲੀ ਅਤੇ 27 ਦਸੰਬਰ ਨੂੰ ਪਿੰਡ ਖਿਓਵਾਲੀ ਵਿਖੇ ਬਾਦਲ ਅਤੇ ਲੰਬੀ ਦੇ ਵਸਨੀਕਾਂ ਦੀਆਂ




ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਐਸ.ਡੀ.ਐਮ. ਗਿੱਦੜਬਾਹਾ ਵੱਲੋਂ 6 ਦਸੰਬਰ ਨੂੰ ਪਿੰਡ ਸੂਰੇਵਾਲਾ ਵਿਖੇ ਆਸਾ ਬੁੱਟਰ ਅਤੇ ਖਿੜਕੀਆਂ ਵਾਲਾ ਅਤੇ 14 ਦਸੰਬਰ ਨੂੰ ਕੋਠੇ ਹਿੰਮਤਪੁਰਾ ਵਿਖੇ ਭਾਰੂ ਅਤੇ ਹੁਸਨਰ ਦੇ ਲੋਕਾਂ ਦੀਆਂ ਸਮੱਸਿਆਵਾ ਸੁਣੀਆਂ ਜਾਣਗੀਆਂ।

ਤਹਿਸੀਲਦਾਰ, ਸ੍ਰੀ ਮੁਕਤਸਰ ਸਾਹਿਬ ਵੱਲੋਂ 7 ਦਸੰਬਰ ਨੂੰ ਪਿੰਡ ਕੋਟਲੀ ਦੇਵਨ ਵਿਖੇ ਗੁਲਾਬੇਵਾਲਾ ਅਤੇ ਲੰਬੀ ਢਾਬ ਅਤੇ 20 ਦਸੰਬਰ ਨੂੰ ਪਿੰਡ ਬਰੀਵਾਲਾ ਵਿਖੇ ਸਰਾਏਨਾਗਾ ਅਤੇ ਮਰਾੜ੍ਹਕਲਾਂ ਦੇ ਲੋਕਾਂ ਦੀ ਸ਼ਿਕਾਇਤਾਂ ਅਤੇ ਸਮੱਸਿਆਵਾਂ ਸੁਣੀਆਂ ਜਾਣਗੀਆਂ।

ਤਹਿਸੀਲਦਾਰ, ਮਲੋਟ 13 ਦਸੰਬਰ ਨੂੰ ਪਿੰਡ ਕਿੰਗਰਾ ਵਿਖੇ ਧੌਲਾ ਅਤੇ ਰੱਥੜੀਆਂ ਅਤੇ 21 ਦਸੰਬਰ ਪਿੰਡ ਲਾਲਬਾਈ ਵਿਖੇ ਚੰਨੂ ਅਤੇ ਬੀਦੋਵਾਲੀ ਦੇ ਲੋਕਾਂ ਦੀਆਂ ਸ਼ਡਿਊਲ ਅਨੁਸਾਰ ਸਮੱਸਿਆਵਾਂ ਸੁਣਨਗੇ। ਤਹਿਸੀਲਦਾਰ, ਗਿੱਦੜਬਾਹਾ ਵੱਲੋਂ 11 ਦਸੰਬਰ ਨੂੰ ਪਿੰਡ ਸਮਾਘ ਵਿਖੇ ਛੱਤੇਆਣਾ, ਰਖਾਲਾ ਅਤੇ ਸ਼ੇਖ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ।

ਜ਼ਿਲ੍ਹਾ ਮਾਲ ਅਫਸਰ ਸ੍ਰੀ ਮੁਕਤਸਰ ਸਾਹਿਬ 22 ਦਸੰਬਰ ਨੂੰ ਗਿੱਦੜਬਾਹਾ ਬਲਾਕ ਦੇ ਪਿੰਡ ਮੱਲਣ ਵਿਖੇ ਕਾਉਣੀ ਅਤੇ ਧੂੜਕੋਟ ਪਿੰਡਾਂ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਸੁਣਣ ਲਈ ਪਹੁੰਚਣਗੇ।

ਡਿਪਟੀ ਕਮਿਸ਼ਨਰ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹਨਾਂ ਮਿਤੀਆਂ ਅਨੁਸਾਰ ਸਬੰਧਿਤ ਪਿੰਡਾਂ ਦੇ ਵਸਨੀਕਾਂ ਨੂੰ ਜਾਣੂੰ ਕਰਵਾਉਣ ਲਈ ਅਨਾਊਸਮੈਂਟ ਕਰਵਾਈ ਜਾਵੇ ਤਾਂ ਜੋ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਮੌਕੇ ਤੇ ਕੀਤਾ ਜਾਵੇ।

## ਪੰਜਾਬ ਵਪਾਰਕ ਕਮਿਸ਼ਨ ਦੇ ਨਵਨਿਯੁਕਤ ਮੈਂਬਰ ਵਿਨੀਤ ਵਰਮਾ ਨੇ ਪੰਜਾਬ ਦੇ ਵਪਾਰੀਆਂ ਦੀ ਬਿਹਤਰੀ ਲਈ ਵਚਨਬੱਧਤਾ ਦੁਹਰਾਈ

ਚੰਡੀਗੜ੍ਹ, 4 ਦਸੰਬਰ (ਗਿਆਨ ਸਿੰਘ): ਮੋਹਾਲੀ ਸਥਿਤ ਪੰਜਾਬ ਟਰੇਡਰਜ਼ ਕਮਿਸ਼ਨ ਦੇ ਮੈਂਬਰ ਵਿਨੀਤ ਵਰਮਾ ਨੇ ਪੰਜਾਬ ਦੇ ਮੁੱਖ
ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਟਰੇਡਰਜ਼ ਕਮਿਸ਼ਨ ਦਾ ਮੈਂਬਰ ਨਿਯੁਕਤ ਕਰਨ ਲਈ ਧੰਨਵਾਦ ਕੀਤਾ ਹੈ।



ਵਪਾਰੀ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਵਰਮਾ ਨੇ ਕਿਹਾ ਕਿ ਉਹ ਸੂਬੇ ਦੇ ਵਪਾਰੀਆਂ ਦੀ ਬਿਹਤਰੀ ਲਈ ਕੰਮ ਕਰਨਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਕਮਿਸ਼ਨ ਵਪਾਰੀਆਂ ਦਾ ਸਮਰਥਨ ਕਰੇਗਾ ਤਾਂ ਜੋ ਪੰਜਾਬ ਉਨ੍ਹਾਂ ਨੂੰ ਨਿਵੇਸ਼ ਲਈ ਸਭ ਤੋਂ ਢੁਕਵੀਂ ਥਾਂ ਵਜੋਂ ਸੇਵਾ ਦੇ ਸਕੇ।

ਉਨ੍ਹਾਂ ਵਪਾਰੀਆਂ ਨੂੰ ਸੱਦਾ ਦਿੱਤਾ ਕਿ ਉਹ ਕਿਸੇ ਵੀ ਸਮੇਂ ਐਸ.ਸੀ.ਐੱਫ਼ ਨੰਬਰ 72, ਫੇਜ਼ 2, ਮੋਹਾਲੀ ਵਿਖੇ ਉਨ੍ਹਾਂ ਕੋਲ ਆ ਸਕਦੇ ਹਨ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਦੇ ਨਾਲ-ਨਾਲ ਸੂਬੇ ਨੂੰ ਵਧੇਰੇ ਲਾਹੇਵੰਦਾ ਵਪਾਰਕ ਸੂਬਾ ਬਣਾਉਣ ਲਈ ਸੁਝਾਅ ਵੀ ਪ੍ਰਾਪਤ ਕੀਤੇ ਜਾ ਸਕਣ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਪੰਜਾਬੀ ਦੇ ਵਿਰਸੇ ਅਤੇ ਭਵਿੱਖ ’ਤੇ ਇੱਕ ਖੁੱਲ੍ਹੀ ਨਜ਼ਰ

-- ਡਾ. ਰਛਪਾਲ ਸਹੋਤਾ

ਪੰਜਾਬ ਦੀ ਧਰਤੀ ਉਪਜਾਊ ਅਤੇ ਇੱਕ ਵਿਲੱਖਣ ਰਣਨੀਤਕ ਟਿਕਾਣੇ ਤੇ ਹੈ। ਇਸੇ ਕਰਕੇ ਐਥੋਂ ਦਾ ਇਤਿਹਾਸ ਕਿੰਨੀਆਂ ਹੀ ਸਭਿਅਤਾਵਾਂ, ਧਰਮਾਂ ਅਤੇ ਸਾਮਰਾਜਾਂ ਦੇ ਵਿਖਿਆਨਾਂ ਨਾਲ ਭਰਿਆ ਹੈ। ਸਿੰਧ ਘਾਟੀ ਦੀ ਸਭਿਅਤਾ ਤੋਂ ਲੈ, ਆਧੁਨਿਕ ਵਿਸ਼ਵ-ਪ੍ਰਧਾਨ ਜੁਗ ਤੀਕਰ ਇਹ ਧਰਤੀ, ਦੂਰ ਦੁਰਾਡੇ ਵਪਾਰੀਆਂ, ਵਿਜੈਤਾਵਾਂ, ਵਿਦਵਾਨਾਂ ਅਤੇ ਯਾਤਰੂਆਂ ਨੂੰ ਆਕਰਸ਼ਕ ਕਰਦੀ ਰਹੀ ਹੈ। ਸਿੱਟੇ ਵਜੋਂ ਪੰਜਾਬ ਦੀ ਸਭਿਅਤਾ ਵੱਖੋ ਵੱਖਰੇ ਰੰਗਾਂ ਨਾਲ ਬੁਣੀ ਇੱਕ ਫੁਲਕਾਰੀ ਹੈ ਜਿਸਦੀ ਰੂਹ ਅਤੇ ਦਿਲਾਂ ਦੀ ਧੜਕਣ, ਐਥੋਂ ਦੀ ਪੰਜਾਬੀ ਬੋਲੀ ਹੈ। ਆਚਾਰ, ਕਦਰਾਂ, ਮਾਣ ਤੇ ਸੰਗੀਤ ਨਾਲ ਗੁੰਦੀ ਇਹ ਬੋਲੀ, ਕਰੋੜਾਂ ਮਾਣਮੱਤੇ ਲੋਕਾਂ ਦੇ ਵਿਰਸੇ ਦਾ ਇੱਕ ਅਟੁੱਟ ਅੰਗ ਹੈ।

ਲਗਾਤਾਰ ਬਦਲਦੇ ਵਕਤ ਨਾਲ ਹਰ ਬੋਲੀ ਨੂੰ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨਾਲ ਬੋਲੀ ਨੂੰ ਪਿਆਰ ਕਰਨ ਵਾਲਿਆਂ ਦੇ ਮਨਾਂ ਚ ਨਵੇਂ ਸ਼ੰਕੇ ਉਪਜਣੇ ਸ਼ੁਰੂ ਹੋ ਜਾਂਦੇ ਹਨ। ਪਿਛਲੇ ਪੰਜਾਹ ਕੁ ਸਾਲਾਂ ਵਿੱਚ ਜਿਸ ਸਪੀਡ ਨਾਲ ਸਾਇੰਸ ਅਤੇ ਤਕਨੀਕ ਨੇ ਤਰੱਕੀ ਕੀਤੀ ਹੈ ਕਿ ਇਹ ਨਿੱਕਾ ਸਮਾਂ ਆਪਣੇ ਆਪ ਵਿੱਚ ਇੱਕ ਯੁੱਗ ਬਣ ਗਿਆ ਹੈ; ਐਨੀ ਤਰੱਕੀ ਦੁਨੀਆ ਨੇ ਪਹਿਲੇ ਹਜ਼ਾਰ ਸਾਲਾਂ ਵਿੱਚ ਵੀ ਨਹੀਂ ਸੀ ਵੇਖੀ। ਇਸ ਤੇਜ਼ ਬਦਲਦੀ ਦੁਨੀਆ ਨਾਲ ਕਿਹੜੀ ਬੋਲੀ ਬਚੇਗੀ ਅਤੇ ਕਿਹੜੀ ਖ਼ਤਮ ਹੋ ਜਾਵੇਗੀ, ਵਰਗੇ ਸੁਆਲ ਪੈਦਾ ਹੋਣੇ ਕੁਦਰਤਨ ਹੈ। ਪੰਜਾਬੀ ਦੇ ਬੁੱਧੀਜੀਵੀਆਂ ਅਤੇ ਪੰਜਾਬੀ ਵਿਰਸੇ ਨਾਲ ਮੋਹ ਰੱਖਣ ਵਾਲਿਆਂ ਵਿੱਚ ਵੀ, ਪੰਜਾਬੀ ਬੋਲੀ ਦੇ ਭਵਿੱਖ ਨੂੰ ਲੈ ਕੇ ਇੱਕ ਅਜੀਬ ਜਿਹਾ ਡਰ ਤੇ ਅਣਸੁਖਾਵਾਂ ਪਣ ਨਜ਼ਰ ਆਉਂਦਾ ਹੈ।

ਵਿਸ਼ਵੀਕਰਨ ਦੇ ਹੋ ਰਹੇ ਬੇਲ-ਗ਼ਾਮ ਵਾਧੇ ਕਾਰਨ, ਹੋਰਨਾਂ ਬੋਲੀਆਂ, ਖ਼ਾਸਕਰ ਅੰਗਰੇਜ਼ੀ ਸ਼ਬਦਾਂ ਦਾ ਪੰਜਾਬੀ ਚ ਵੜਨਾ ਕਿਸੇ ਤੋਂ ਲੁਕਿਆ ਨਹੀਂ ਹੈ। ਬਹੁਤਿਆਂ ਨੂੰ ਲਗਦਾ ਹੈ ਕਿ ਅੰਗਰੇਜ਼ੀ ਦੀ ਇਸ ਘੁਸਪੈਠ ਕਰਕੇ, ਪੰਜਾਬੀ ਦੀ ਸ਼ੁੱਧਤਾ, ਵਿਲੱਖਣਤਾ ਅਤੇ ਇਹਦੀ ਰੂਹ, ਜਿਵੇਂ ਪਤਲੇ ਹੋ ਰਹੇ ਹੋਣ। ਸ਼ੁੱਧਤਾ-ਪੱਖੀ ਅਤੇ ਪਰੰਪਰਾਗਤ ਵਿਦਵਾਨਾਂ ਦੀ ਰਾਇ ਹੈ ਕਿ ਪੰਜਾਬੀ ਦੀ ਪਵਿੱਤਰਤਾ ਨੂੰ ਬਚਾਉਣ ਲਈ ਸਾਡੇ ਲਈ ਇਹ ਜ਼ਰੂਰੀ ਹ ਕਿ ਆਪਾਂ ਇਹਨੂੰ ਹੋਰਨਾਂ ਬੋਲੀਆਂ ਦੇ ਅਸਰ ਤੋਂ ਬਚਾ ਕੇ ਰੱਖੀਏ ਤੇ ਉਹਨਾਂ ਗੈਰ ਸ਼ਬਦਾਂ ਪੰਜਾਬੀ ਬੋਲੀ ਵਿੱਚ ਵੜ ਕੇ ਇਹਨੂੰ ਗੰਧਲਾ ਨਾਂ ਕਰਨ ਦੇਈਏ। ਉਹਨਾਂ ਦੀ ਰਾਇ ਹੈ ਕਿ ਬੋਲੀ ਦਾ ਸੁਹੱਪਣ ਤੇ ਪਾਕੀਜ਼ਗੀ ਸਿਰਫ਼ ਉਸ ਦੇ ਸ਼ੁੱਧ ਰੂਪ ਵਿੱਚ ਹੀ ਮਹਿਸੂਸ ਕੀਤੇ ਜਾ ਸਕਦੇ ਹਨ ਅਤੇ ਜੇਕਰ ਬਾਹਰਲੀਆਂ ਭਾਸ਼ਾਵਾਂ ਬੋਲੀ ਨੂੰ ਨਾਪਾਕ ਅਤੇ ਪਤਲਾ ਕਰ ਦੇਣ ਤਾਂ ਬੋਲੀ, ਸਿਰਫ਼ ਨਾਂ ਮਾਤਰ ਦੀ ਬੋਲੀ ਬਣਕੇ ਰਹਿ ਜਾਂਦੀ ਹੈ।

ਪਰੰਤੂ ਇੱਥੇ ਇੱਕ ਬਹੁਤ ਸੰਜੀਦਾ ਸਵਾਲ ਪੈਦਾ ਹੁੰਦਾ ਹੈ-ਕੀ ਸਖ਼ਤਾਈ ਨਾਲ ਸਾਂਭੀ ਸ਼ੁੱਧਤਾ, ਪੰਜਾਬੀ ਲਈ ਵਧੀਆ ਭਵਿੱਖ ਹੈ? ਇਸ ਆਧੁਨਿਕਤਾ ਅਤੇ ਪਰੰਪਰਾ ਵਾਲੇ ਚੁਰਸਤੇ ਤੇ ਖੜਿਆਂ ਇਹ ਜ਼ਰੂਰੀ ਹੈ ਕਿ ਆਪਾਂ ਭਾਸ਼ਾਈ ਵਿਕਾਸ ਦੀ ਪ੍ਰਕਿਰਿਆ ਅਤੇ ਲੋੜ ਉੱਤੇ ਇਕ ਖੁੱਲ੍ਹੀ ਨਜ਼ਰ ਫੇਰ ਲਈਏ। ਬਿਨਾਂ ਸ਼ੱਕ ਇਹ ਜ਼ਰੂਰੀ ਹੈ ਕਿ ਆਪਾਂ ਆਪਣੀ ਬੋਲੀ ਦੀਆਂ ਨੀਂਹਾਂ ਦੀ ਕਦਰ ਕਰੀਏ ਅਤੇ ਉਹਨਾਂ ਨੂੰ ਸਾਂਭੀਏ, ਪਰ ਸਾਨੂੰ ਇਹ ਅਹਿਸਾਸ ਹੋਣਾ ਜ਼ਰੂਰੀ ਹੈ ਕਿ ਬੋਲੀਆਂ ਬੇਜਾਨ ਚੀਜ਼ਾਂ ਨਹੀਂ ਹੁੰਦੀਆਂ-ਇਹ ਵੀ ਸਾਡੇ ਵਾਂਗ ਜਿਊਂਦੀਆਂ ਜਾਗਦੀਆਂ ਨੇ; ਇਹ ਵੀ ਸਾਹ ਲੈਂਦੀਆਂ, ਵਧਦੀਆਂ, ਫੁੱਲਦੀਆਂ ਨੇ ਤੇ ਆਪਣੇ ਆਪ ਨੂੰ ਆਪਣੇ ਦੁਆਲੇ ਦੇ ਬਦਲਦੇ ਵਾਤਾਵਰਨ ਦੇ ਅਨੁਕੂਲ ਬਣਾਉਂਦੀਆਂ ਨੇ। ਜਿਵੇਂ ਜਿਵੇਂ ਵਿਸ਼ਵੀਕਰਨ, ਦੁਨੀਆ ਦੀਆਂ ਸਭਿਅਤਾਵਾਂ ਨੂੰ ਇਕੱਠਾ ਕਰਦਾ ਜਾ ਰਿਹਾ ਹੈ, ਕੀ ਇਹ ਸੰਭਵ ਨਹੀਂ ਕਿ ਨਵੇਂ ਸ਼ਬਦਾਂ ਨੂੰ ਅਪਣਾਉਣ ਨਾਲ, ਪੰਜਾਬੀ ਸਗੋਂ ਨਰੋਈ ਹੋਵੇ, ਆਉਣ ਵਾਲੀਆਂ ਨਸਲਾਂ ਨੂੰ ਵੱਧ ਚੰਗੀ ਲੱਗੇ, ਅਤੇ ਨਵੀਂ ਜੁੜਦੀ ਦੁਨੀਆ ਵਿੱਚ ਆਪਣੀ ਥਾਂ ਬਣਾਈ ਰੱਖੇ?

## ਤਬਦੀਲੀ ਭਾਸ਼ਾਵਾਂ ਦਾ ਕੁਦਰਤੀ ਸੁਭਾਅ ਹੈ

ਬੋਲੀਆਂ ਕਿਸੇ ਸਥਾਈ ਚਟਾਨ ਵਾਂਗ ਨਹੀਂ ਹੁੰਦੀਆਂ, ਜਿਹੜੀਆਂ ਗੁਜ਼ਰਦੇ ਵਕਤ ਤੋਂ ਬੇਖ਼ਬਰ, ਇੱਕ ਥਾਂ ਟਿਕੀਆਂ ਪਈਆਂ ਰਹਿਣ। ਇਹ ਤਾਂ ਉਸ ਸ਼ੀਸ਼ੇ ਵਾਂਗ ਹੁੰਦੀਆਂ ਹਨ ਜਿਸ ਵਿੱਚ ਆਪਾਂ ਇਨਸਾਨ ਦੇ ਸਫ਼ਰ ਦੀਆਂ ਸਭਿਅਕ, ਰਾਜਨੀਤਕ, ਆਰਥਕ ਤਬਦੀਲੀਆਂ ਅਤੇ ਜੱਦੋਜਹਿਦਾਂ ਨੂੰ ਵੇਖ ਸਕਦੇ ਹਾਂ। ਬੋਲੀਆਂ ਵੀ ਜਿਉਂਦੇ ਜੀਵ ਜੰਤੂਆਂ ਦੇ ਐਵੋਲਿਊਸ਼ਨ (ਜਾਤੀ-ਵਿਕਾਸ, ਜਿਹੜਾ ਦੁਨੀਆਂ ਦੀ ਹਰ ਜਿਉਂਦੀ ਸ਼ੈਅ ਦੇ ਅਜੋਕੇ ਰੂਪ ਲਈ ਜ਼ੁੰਮੇਵਾਰ ਹੈ) ਵਾਂਗ, ਤਬਦੀਲੀ ਦੇ ਬਹਾਅ ਵਿੱਚ ਫਸੀਆਂ ਹਨ ਅਤੇ ਇਨਸਾਨੀ ਵਿਕਾਸ ਦੇ ਨਾਲ ਨਾਲ ਆਪਣਾ ਰੂਪ ਬਦਲਦੀਆਂ ਰਹਿੰਦੀਆਂ ਨੇ। ਬੋਲੀ ਦਾ ਹਰ ਸੁਰ, ਹਰ ਸ਼ਬਦ, ਹਰ ਵਾਕ-ਰਚਨਾ, ਹਜ਼ਾਰਾਂ ਮਨੁੱਖੀ ਤਜਰਬਿਆਂ, ਰੁਪਾਂਤਰਾਂ, ਅਤੇ ਮਿਲਵਰਤਨ ਦੀ ਪੈੜ ਨਿਸ਼ਾਨੀ ਹੁੰਦੀ ਹੈ। ਬਾਬੇ ਫ਼ਰੀਦ ਦੇ ਸੁਰਾਂ ਬੱਧੇ ਵਚਨ, ਬੋਲੀ ਦੀਆਂ ਡੂੰਘਾਈਆਂ ਦੇ ਪ੍ਰਤੀਕ ਹਨ, ਪਰ ਉਹਦੀ ਬੋਲੀ ਪੰਜਾਬ ਦੇ ਸੰਘਣੇ ਤੇ ਆਰਥਕ ਦੌੜ ਵਿੱਚ ਪਏ ਸ਼ਹਿਰਾਂ ਦੀ ਬੋਲੀ ਨਾਲ਼ ਮੇਲ ਨਹੀਂ ਖਾਂਦੀ। ਪਰ ਇਸ ਤਬਦੀਲੀ ਦਾ ਮਤਲਬ ਇਹ ਨਹੀਂ ਕਿ ਪੰਜਾਬੀ ਪਤਲੀ ਹੋ ਰਹੀ ਹੈ ਜਾਂ ਆਪਾ ਗਵਾ ਰਹੀ ਹੈ। ਇਹ ਤਾਂ ਪੰਜਾਬੀਆਂ ਦੇ ਉਸ ਉਤੇਜਿਤ ਸਫ਼ਰ ਦੀ ਕਹਾਣੀ ਹੈ ਜਿਸ ਵਿੱਚ ਉਹਨਾਂ ਨੇ ਵੰਨ ਸੁਵੰਨੇ ਖ਼ਿਆਲਾਂ ਨਾਲ ਖੇਡਿਆ, ਤਕਨੀਕੀ ਵਿਕਾਸ ਨਾਲ ਮੋਢਾ ਡਾਹੀ ਰੱਖਿਆ, ਅਤੇ ਵੱਖੋ ਵੱਖਰੀਆਂ ਸਭਿਅਤਾਵਾਂ ਨਾਲ ਮੋਢੇ ਘਸਰਦੇ ਰਹੇ। ਬੋਲੀ ਦਾ ਲਗਾਤਾਰ ਵਿਕਾਸ, ਬੋਲੀ ਦੀ ਜਿਊਣ-ਸ਼ਕਤੀ ਅਤੇ ਲਚੀਲੇਪਣ ਦੀ ਨਿਸ਼ਾਨੀ ਹੁੰਦੀ ਹੈ, ਕਿ ਇਹ ਕਿਵੇਂ ਪੂਰੀ ਧੜਕਣ ਨਾਲ ਜ਼ਿੰਦਾ ਰਹਿ ਸਕਦੀ ਹੈ ਅਤੇ ਕਿਵੇਂ ਇਹ ਪੁਰਾਣੇ ਨੂੰ ਸਾਂਭਦੀ, ਨਵੇਂ ਨੂੰ ਗਲਵੱਕੜੀ ਵਿੱਚ ਲੈ ਸਕਦੀ ਹੈ।

## ਅੰਗਰੇਜ਼ੀ ਜ਼ੁਬਾਨ – ਤਬਦੀਲੀ ਦੀ ਮਿਸਾਲ

ਤੁਲਨਾਤਮਿਕ ਤੌਰ ਤੇ ਆਪਾਂ ਅੰਗ੍ਰੇਜ਼ੀ ਬੋਲੀ ਵੱਲ ਨਜ਼ਰ ਮਾਰਦੇ ਹਾਂ। ਜੇਕਰ ਆਪਾਂ ਇਲਿਜ਼ਬੱਥ ਦੌਰ ਦੇ ਇੰਗਲੈਂਡ ਵਿੱਚ ਇੱਕ ਫੇਰੀ ਮਾਰੀਏ, ਤਾਂ ਸ਼ੈਕਸਪੀਅਰ ਦੇ 'ਸਮਾਂ-ਮੁਕਤ' ਡਰਾਮੇ ਮੁਲਕ ਦੇ ਥੀਏਟਰਾਂ ਚ ਖੇਡੇ ਜਾਂਦੇ ਮਿਲਣਗੇ। ਪਰ ਉਹ ਅੰਗਰੇਜ਼ੀ, ਅੱਜ ਦੇ ਇੱਕੀਵੀਂ ਸਦੀ ਦੇ ਅੰਗਰੇਜ਼ੀ ਕੰਨਾਂ ਨੂੰ ਇੱਕ ਵਿਦੇਸ਼ੀ ਬੋਲੀ ਲਗਦੀ ਹੈ। (ਦੂਜੇ ਪਾਸੇ, ਉਸ ਤੋਂ ਸਦੀਆਂ ਪੁਰਾਣੀ ਬਾਬਾ ਫ਼ਰੀਦ ਦੀ ਬੋਲੀ ਅਜੋਕੀ ਪੰਜਾਬੀ ਬੋਲੀ ਨਾਲ ਪੂਰਾ ਮੇਲ ਖਾਂਦੀ ਹੈ।) ਸ਼ੈਕਸਪੀਅਰ ਦੇ ਡਰਾਮਿਆਂ ਦੀ ਉਹ ਵਿਸਥਾਰਪੂਰਵਕ, ਭਰਪੂਰ ਸ਼ੈਲੀ, ਵਿਲੱਖਣ ਧੁਨ, ਸ਼ਬਦਾਵਲੀ, ਲਹਿਜ਼ਾ, ਅਜੋਕੀ ਅੰਗ੍ਰੇਜ਼ੀ ਬੋਲਣ ਵਾਲੇ ਲਈ ਇੱਕ ਚੁਣੌਤੀ ਹੈ ਤੇ ਇਸ ਪਏ ਵਕਤੀ ਪਾੜ ਨੂੰ ਅਨੁਵਾਦਾਂ ਰਾਹੀਂ ਪੂਰਾ ਕੀਤਾ ਜਾਂਦਾ ਹੈ। ਪਰ ਕੀ ਇਸ ਪਾੜ ਨੂੰ ਅੰਗਰੇਜ਼ੀ ਬੋਲਣ ਵਾਲੇ ਡਰ ਜਾਂ ਖ਼ਤਰੇ ਵਾਲੀ ਐਨਕ ਨਾਲ ਵੇਖਦੇ ਨੇ ਅਤੇ ਉਹਦੀ ਸ਼ੁੱਧਤਾ ਤੇ ਸ਼ੱਕ ਕਰਦੇ ਨੇ? ਨਹੀਂ, ਸਚਾਈ ਸਗੋਂ ਉਸਦੇ ਉਲਟ ਹੈ। ਅੰਗ੍ਰੇਜ਼ੀ ਜ਼ੁਬਾਨ ਦੇ ਇਸ ਬਦਲੇ ਰੂਪ ਨੇ ਅੰਗ੍ਰੇਜ਼ੀ ਬੋਲੀ ਨੂੰ ਤੇ ਜਾਂ ਉਸ ਦੀ ਹੋਂਦ ਨੂੰ ਪਤਲਾ ਨਹੀਂ ਕੀਤਾ; ਇਸ ਨਾਲ ਤਾਂ ਸਗੋਂ ਅੰਗ੍ਰੇਜ਼ੀ ਦੇ ਅਨੋਖੇ ਸਫ਼ਰ ਦੀ ਇੱਕ ਦਿਲਚਸਪ ਕਹਾਣੀ ਰਚੀ ਗਈ ਹੈ। ਨਾਲ ਹੀ ਇਹ ਤਬਦੀਲੀ ਇਸ ਗੱਲ ਦੀ ਸਬੂਤ ਹੈ ਕਿ ਕਿਵੇਂ, ਮੱਧਕਾਲੀ ਮਹਾਰਾਜਿਆਂ ਦੀਆਂ ਅਦਾਲਤਾਂ ਤੋਂ ਲੈ ਕੇ ਅਜੋਕੇ ਡਿਜੀਟਲ ਪਲੇਟਫ਼ਾਰਮ ਤੀਕਰ, ਅੰਗਰੇਜ਼ੀ ਜ਼ੁਬਾਨ ਆਪਣੇ ਆਪ ਨੂੰ ਵਾਤਾਵਰਨ ਦੇ ਅਨੁਕੂਲ ਬਣਾਉਂਦੀ, ਉਸ ਵਿੱਚ ਘੁਲ-ਮਿਲ ਜਾਂਦੀ, ਅਤੇ ਵਿਕਾਸ ਦਾ ਹਿੱਸਾ ਬਣਦੀ ਰਹੀ ਏ। ਅੰਗ੍ਰੇਜ਼ੀ ਦਾ ਇਤਿਹਾਸ ਵੇਖੀਏ ਤਾਂ ਪਤਾ ਚਲਦਾ ਹੈ ਕਿ ਕਿਵੇਂ ਇਹ, ਲਾਤੀਨੀ, ਫਰਾਂਸੀਸੀ, ਜਰਮਨ ਤੇ ਹੋਰ ਅਨੇਕਾਂ ਭਾਸ਼ਾਵਾਂ ਦੀ ਸ਼ਬਦਾਵਲੀ ਨੂੰ ਆਪਣੇ ਆਪ ਵਿੱਚ ਸਮੋਂਦੀ ਅਤੇ ਉਹਨਾਂ ਸ਼ਬਦਾਂ ਨੂੰ ਆਪਣੇ ਰੂਪ ਵਿੱਚ ਰੰਗਦੀ ਰਹੀ ਹੈ। ਅੰਗ੍ਰੇਜ਼ੀ ਦੀ ਦੂਜੀਆਂ ਭਾਸ਼ਾਵਾਂ ਨਾਲ ਇੱਕ-ਮਿੱਕ ਹੋਣ ਅਤੇ ਉਹਨਾਂ ਦੇ ਸ਼ਬਦਾਂ ਨੂੰ ਆਪਣੇ ਰੂਪ ਵਿੱਚ ਢਾਲ਼ ਲੈਣ ਦੀ ਸਮਰੱਥਾ ਇਸ ਬੋਲੀ ਦੇ ਤਕੜੇ ਪਣ ਅਤੇ ਬਹੁਰੂਪਤਾ ਦਾ ਸਬੂਤ ਹੈ। ਵਿਸ਼ਵੀਕਰਨ ਤਬਦੀਲੀਆਂ ਦੇ ਭਾਰ ਥੱਲੇ ਆ, ਖ਼ਤਮ ਹੋਣ ਦੀ ਜਗ੍ਹਾ, ਅੰਗਰੇਜ਼ੀ ਜ਼ੁਬਾਨ ਵਧਦੀ ਫੁੱਲਦੀ ਗਈ, ਬੇਲੋੜੀ ਹੋਣ ਤੋਂ ਬਚਣ ਲਈ ਬਦਲਦੀ ਗਈ, ਲੋਕਾਂ ਦੇ ਕੰਮ ਆਉਂਦੀ ਗਈ ਤੇ ਦੁਨੀਆ ਦੀਆਂ ਦੂਰ ਦੁਰੇਡੀਆਂ ਥਾਵਾਂ ਤੀਕਰ ਪ੍ਰਭਾਵਸ਼ਾਲੀ ਬਣੀ ਰਹੀ।

## ਬੋਲੀ ਦੀ ਬਣਤਰ: ਗਰਾਮਰ ਅਤੇ ਵਾਕ-ਰਚਨਾ

ਬੋਲੀਆਂ, ਮਨੁੱਖੀ ਭਾਵਨਾਵਾਂ ਨੂੰ ਪੇਸ਼ ਕਰਨ ਤੇ ਉਹਨਾਂ ਦੀ ਵਿਆਖਿਆ ਕਰਨ ਦਾ ਇੱਕ ਜ਼ਰੀਆ ਹੁੰਦੀਆਂ ਹਨ। ਹਰ ਬੋਲੀ ਇੱਕ ਇੱਕ ਗੁੰਝਲਦਾਰ ਤਾਣਾ-ਬਾਣਾ ਹੁੰਦੀ ਹੈ ਜਿਹੜੀ ਪ੍ਰਚੱਲਤ ਸ਼ਬਦਾਂ ਦੀ ਵਰਤੋਂ ਵੱਖੋ ਵੱਖਰੇ ਰੰਗਾਂ ਅਤੇ ਸਾਈਜ਼ ਵਾਲੇ ਮਣਕਿਆਂ ਦੇ ਤੌਰ ਤੇ ਕਰਦੀ ਹੈ। ਸ਼ਬਦਾਵਲੀ ਉਹ ਮਣਕੇ ਹੁੰਦੇ ਹਨ ਜਿਨ੍ਹਾਂ ਰਾਹੀਂ ਭਾਸ਼ਾ ਆਪਣੀ ਗੱਲ ਸਮਝਾ ਸਕਦੀ ਹੈ, ਪਰ ਕਿਸੇ ਵੀ ਭਾਸ਼ਾ ਦੀ ਜੜ ਉਹਦੀ ਗਰਾਮਰ ਅਤੇ ਵਾਕ-ਰਚਨਾ ਹੁੰਦੀ ਹੈ, ਜਿਸ ਨਾਲ ਉਸਦੀ ਇਕਾਗਰਤਾ ਅਤੇ ਡੂੰਘਾਈ ਦਾ ਪਤਾ ਲਗਦਾ ਹੈ। ਗਰਾਮਰ ਤੇ ਵਾਕ ਰਚਨਾ ਭਾਸ਼ਾ ਦੇ ਇੰਜੀਨੀਅਰ ਹੁੰਦੇ ਹਨ ਜਿਹੜੇ ਮਣਕਿਆਂ ਨੂੰ ਫ਼ਕਿਰਿਆਂ ਦਾ ਰੂਪ ਦਿੰਦੇ ਹਨ ਤਾਂ ਜੋ ਗੱਲ ਨੂੰ, ਸੌਖਿਆਂ ਅਤੇ ਸਹੀ ਬਹਾ ਵਿੱਚ ਸਮਝਾਇਆ ਜਾ ਸਕੇ।

ਇੱਕ ਵਾਰ ਮੈਂ ਚੰਡੀਗੜ੍ਹ ਕਿਸੇ ਕਾਨਫ਼ਰੰਸ ਵਿੱਚ ਬੈਠਾ ਜਾਵੇਦ ਅਖ਼ਤਰ ਨੂੰ ਸੁਣ ਰਿਹਾ ਸਾਂ। ਉਹਨਾਂ ਇੱਕ ਬੜੀ ਦਿਲਚਸਪ ਸਵਾਲ ਪੁੱਛਿਆ। "ਯੇ ਹਾਲ ਏਅਰ ਕੰਡੀਸ਼ਨਡ ਹੈ," ਕੀ ਇਹ ਫ਼ਕਿਰਾ ਹਿੰਦੀ ਦਾ ਹੈ, ਜਾਂ ਇੰਗਲਿਸ਼ ਦਾ? ਉਹਨਾਂ ਖ਼ੁਦ ਹੀ ਇਸਦਾ ਜਵਾਬ ਦਿੱਤਾ ਕਿ ਬੇਸ਼ੱਕ ਇਸ ਫ਼ਕਿਰੇ ਵਿੱਚ ਤਿੰਨ ਵੱਡੇ ਲਫ਼ਜ਼ ਅੰਗ੍ਰੇਜ਼ੀ ਅਤੇ ਸਿਰਫ਼ ਦੋ, ਤੇ ਵੀ ਉਹ ਵੀ ਸਭ ਤੋਂ ਨਿੱਕੇ, ਹਿੰਦੀ ਦੇ, ਇਹ ਫ਼ਕਿਰਾ ਹਿੰਦੀ ਦਾ ਹੀ ਹੈ ਕਿਉਂਕਿ ਇਸ ਵਿੱਚ ਗਰਾਮਰ ਤੇ ਵਾਕ ਰਚਨਾ ਹਿੰਦੀ ਦੀ ਹੈ। ਮੈਂ ਇਸ ਦੇ ਉਲਟ ਇੱਕ ਫਿਕਰਾ ਬਣਾਕੇ ਵੇਖਿਆ- 'ਦਿਸ ਕਮਰਾ ਇਜ਼ ਪੂਰਾ ਠੰਡਾ।' ਘੋਖ ਕੇ ਵੇਖੋ ਤਾਂ ਬਿਨਾਂ ਸ਼ੱਕ, ਇਹ ਫਿਕਰਾ ਅੰਗ੍ਰੇਜ਼ੀ ਦਾ ਹੈ ਜਿਸ ਵਿੱਚ ਤਿੰਨ ਪੰਜਾਬੀ ਦੇ ਸ਼ਬਦ ਵਰਤੇ ਗਏ ਹਨ।

ਇਸ ਦਲੀਲ ਨੂੰ ਮੱਦੇ ਨਜ਼ਰ ਰੱਖਦਿਆਂ ਇਹ ਸਾਫ਼ ਹੈ ਕਿ ਦੂਜੀ ਭਾਸ਼ਾ ਦੇ ਸ਼ਬਦਾਂ ਨੂੰ ਅਪਨਾ ਲੈਣਾ, ਭਾਸ਼ਾ ਲਈ ਕੋਈ ਖ਼ਤਰੇ ਵਾਲੀ ਗੱਲ ਨਹੀਂ ਹੁੰਦੀ; ਇਹਤਾਂ ਸਗੋਂ ਉਸ ਕੋਲ ਆਪਣੇ ਆਪ ਨੂੰ ਅਮੀਰ ਕਰਨ ਦੇ ਮੌਕੇ ਹੁੰਦੇ ਹਨ। ਜਿਵੇਂ ਦਰਿਆ, ਚੋਆਂ ਅਤੇ ਨਦੀ ਨਾਲਿਆਂ ਦਾ ਪਾਣੀ ਲੈ, ਹੌਲੀ ਹੌਲੀ ਵੱਡਾ ਤੇ ਤਾਕਤਵਰ ਹੋ ਜਾਂਦਾ ਹੈ, ਇਸੇ ਤਰਾਂ ਬੋਲੀਆਂ, ਦੂਜੀਆਂ ਬੋਲੀਆਂ ਦੀ ਸ਼ਬਦਾਵਲੀ ਨੂੰ ਗਲਵੱਕੜੀ ਲੈ, ਆਪਣੇ ਆਪ ਨੂੰ ਨਰੋਆ ਤੇ ਬਦਲਦੀ ਦੁਨੀਆਂ ਦੇ ਅਨੁਕੂਲ ਕਰ ਲੈਂਦੀਆਂ ਹਨ। ਇਸ ਤਰਾਂ ਕਰਨ ਨਾਲ ਕੋਈ ਬੋਲੀ ਪਤਲੀ ਨਹੀਂ ਹੁੰਦੀ ਤੇ ਨਾਂ ਹੀ ਆਪੇ ਨੂੰ ਗਵਾਉਂਦੀ ਹੈ-ਇਹ ਤਾਂ ਸਗੋਂ ਲੋਕਾਂ, ਖ਼ਾਸ ਕਰ ਨਵੀਆਂ ਪੀੜੀਆਂ ਵਿੱਚ ਆਪਣੇ ਲਈ ਨਵੀਂ ਚਾਹਤ ਪੈਦਾ ਕਰ ਲੈਂਦੀ ਹੈ ਤੇ ਉਹ ਇਸ ਬੋਲੀ ਨੂੰ ਸਿੱਖਦੇ ਹਨ ਤਾਂ ਜੋ ਉਹ ਉਹਨੂੰ ਸੌਖਿਆਂ ਵਰਤ ਸਕਣ, ਨਾਂ ਕਿ ਇਸ ਕਰਕੇ ਕਿ ਇਹ ਉਹਨਾਂ ਦੇ ਪੁਰਖਿਆਂ ਦੀ ਜਾਇਦਾਦ ਹੈ, ਜਿਸਨੂੰ ਸੰਭਾਲ ਕੇ ਰੱਖਣ ਦੀ ਜ਼ੁੰਮੇਵਾਰੀ ਉਹਨਾਂ ਦੇ ਮੋਢਿਆਂ ਤੇ ਭਾਰ ਹੈ। ਕਿਸੇ ਬੋਲੀ ਦੀ ਆਪਣੇ ਆਪ ਨੂੰ ਬਦਲ ਲੈਣ ਦੀ ਸਮਰੱਥਾ ਤਾਂ ਜੋ ਆਪਣਾ ਮੂਲ ਰੂਪ ਨੂੰ ਗਵਾਏ ਬਿਨਾਂ, ਦੂਜੀਆਂ ਬੋਲੀਆਂ ਨਾਲ ਜੁੜੀ, ਜਿਊਂਦੀ ਰਹਿ ਸਕੇ, ਲੋਕਾਂ ਦੀ ਲੋੜ ਨੂੰ ਪੂਰਿਆਂ ਕਰ ਸਕੇ, ਅਤੇ ਨਵੀਂ ਪੀੜੀਆਂ ਨੂੰ ਆਪਣੇ ਨਾਲ ਜੋੜੀ ਰੱਖ ਸਕੇ, ਉਸ ਬੋਲੀ ਦੇ ਨਰੋਏ ਅਤੇ ਲਚਕੀਲੇ ਪਣਾਂ ਦੀ ਪਛਾਣ ਹੁੰਦੀ ਹੈ।

## ਵਿਕਾਸ ਤੇ ਝਾਤ- ਭਵਿੱਖ ਤੇ ਇੱਕ ਨਜ਼ਰ

ਅੱਜ ਦੇ ਵਿਸ਼ਵੀਕਰਨ ਯੁੱਗ ਵਿੱਚ, ਜਿੱਥੇ ਦੁਨੀਆਂ ਡਿਜੀਟਲ ਰੂਪ ਵਿੱਚ ਜੁੜ ਚੁੱਕੀ ਹੈ, ਅੰਗ੍ਰੇਜ਼ੀ ਬੋਲੀ ਦਾ ਦੁਨੀਆਂ ਦੀ ਸਟੇਜ ਤੇ ਉੱਭਰ ਕੇ ਆਉਣਾ ਕਿਸੇ ਤੋਂ ਲੁਕਿਆ ਨਹੀਂ ਹੈ। ਆਪਣੇ ਇਤਿਹਾਸ, ਦੂਜੇ ਮੁਲਕਾਂ ਉੱਤੇ ਜਿੱਤਾਂ, ਵਪਾਰ ਅਤੇ ਸਭਿਅਤਾ ਦੀਆਂ ਨੀਂਹਾਂ ਤੇ ਖੜੋ, ਅੰਗ੍ਰੇਜ਼ੀ ਦਾ ਬਾਕੀ ਬੋਲੀਆਂ ਦੇ ਉੱਤੋਂ ਸਿਰ ਕੱਢ ਲੈਣ ਦਾ ਕਾਰਨ, ਕਿਸੇ 'ਲੋਹੇ ਦੀ ਛੜੀ ਤੇ ਪਾਈ ਗਾਂਧੀ ਟੋਪੀ' ਵਰਗੀ ਕੱਟੜਤਾ ਨਹੀਂ, ਇਹ ਇਸ ਬੋਲੀ ਦੇ ਲਚਕੀਲਾਪਣ ਅਤੇ ਅਡੈਪਟੇਬਿਲਿਟੀ-ਮਤਲਬ ਵਾਤਾਵਰਨ ਦੇ ਅਨੁਕੂਲ ਹੋ ਸਕਣ ਦੀ ਯੋਗਤਾ ਹੈ। ਇਸੇ ਲਚਕੀਲੇਪਣ ਅਤੇ ਅਡੈਪਟੇਬਿਲਿਟੀ ਸਦਕਾ, ਅੰਗ੍ਰੇਜ਼ੀ ਵਿਭਿੰਨ ਖ਼ਿਆਲਾਂ, ਸੱਭਿਆਚਾਰ ਤੇ ਵਿਕਾਸ ਦੇ ਨਾਲ ਇੱਕ ਮਿੱਕ ਹੁੰਦੀ ਰਹੀ ਹੈ। ਹਰ ਸਾਲ ਆਪਾਂ ਵੇਖਦੇ ਹਾਂ ਕਿਵੇਂ, ਕਿੰਨੇ ਹੀ ਨਵੇਂ ਸ਼ਬਦ ਜਿਹੜੇ ਅੰਗ੍ਰੇਜ਼ੀ ਦੀ ਡਿਕਸ਼ਨਰੀ ਵਿੱਚ ਜੋੜੇ ਜਾਂਦੇ ਹਨ, ਕਿਵੇਂ ਵੱਖੋ ਵੱਖਰੀਆਂ ਬੋਲੀਆਂ, ਸਭਿਅਤਾਵਾਂ ਤੇ ਤਕਨੀਕੀ ਵਿਕਾਸ ਵਿੱਚੋਂ ਲਏ ਹੁੰਦੇ ਹਨ।

ਭਾਸ਼ਾਈ ਵਿਕਾਸ ਦੇ ਚੁਰਸਤੇ ਤੇ ਖਲੋਤੀ ਪੰਜਾਬੀ ਭਾਸ਼ਾ ਨੂੰ, ਅੰਗ੍ਰੇਜ਼ੀ ਦੇ ਇਸ ਚੜ੍ਹਾਈ ਵਾਲੇ ਸਫ਼ਰ ਤੋਂ ਕਈ ਗੱਲਾਂ ਸਿੱਖਣ ਦੀ ਲੋੜ ਹੈ। ਪੰਜਾਬੀ ਨੂੰ ਅੰਗ੍ਰੇਜ਼ੀ ਦੇ ਵਿਸ਼ਵੀਕਰਨ ਰਸੂਖ਼ ਤੋਂ ਡਰਨ ਜਾਂ ਨਿਰਾਸ਼ ਹੋਣ ਦੀ ਜਗ੍ਹਾ, ਅੰਗ੍ਰੇਜ਼ੀ ਦੇ ਇਸ ਸਫ਼ਰ ਤੋਂ ਆਪਣੇ ਲਈ ਨਕਸ਼ੇਕਦਮ ਤਿਆਰ ਕਰਨ ਦੀ ਜ਼ਰੂਰਤ ਹੈ ਕਿ ਕਿਵੇਂ, ਇਸ ਧੁੰਦਲੀਆਂ ਹੋ ਰਹੀਆਂ ਹੱਦਾਂ ਵਾਲੀ ਨਵੀਂ ਦੁਨੀਆਂ ਵਿੱਚ, ਪ੍ਰਫੱਲਤ ਹੋਣਾ ਹੈ। ਭਵਿੱਖ ਲਈ ਤਿਆਰ ਹੋਣ ਦਾ ਮਤਲਬ ਇਸ ਵਿਸ਼ਵੀਕਰਨ ਬਗੀਚੇ ਨੂੰ ਇੱਕ ਜੰਗੀ ਮੈਦਾਨ ਵਾਂਗ ਨਹੀਂ, ਸਗੋਂ ਉਸ ਬੁਣੀ ਜਾ ਰਹੀ ਫੁਲਕਾਰੀ ਵਾਂਗ ਵੇਖਣ ਦੀ ਲੋੜ ਹੈ, ਜਿਸ ਵਿੱਚ ਹਰ ਜਿਉਂਦੀ ਬੋਲੀ, ਇੱਕ ਵਿਲੱਖਣ ਰੰਗ ਵਾਲੇ ਧਾਗੇ ਵਾਂਗ ਹੋਵੇਗੀ, ਜਿਸ ਬਿਨਾਂ ਇਹ ਫੁਲਕਾਰੀ ਪੂਰੀ ਨਹੀਂ ਲੱਗੇਗੀ।

ਇਸੇ ਦਲੀਲ ਨੂੰ ਅੱਗੇ ਤੋਰਦਿਆਂ, ਜੇਕਰ ਪੰਜਾਬੀ 'ਉਹਨੇ ਮੇਰੇ ਸਿਰ ਵਿੱਚ ਸਟੋਨ ਮਾਰਿਆ,' ਅਤੇ ਜਾਂ, 'ਟਰੀਜ਼ ਤੋਂ ਲੀਵਜ਼ ਫਾਲ ਕਰ ਰਹੇ ਨੇ,' ਵਰਗੇ ਫਿਕਰਿਆਂ ਨੂੰ ਸਵੀਕਾਰ ਕਰ ਲਵੇ ਤਾਂ ਇਸ ਨਾਲ ਪੰਜਾਬੀ ਬੋਲੀ ਨੂੰ ਢਾਹ ਲੱਗਣਾ ਨਹੀਂ ਆਖਾਂਗੇ। ਸਗੋਂ ਇੱਕ ਦਿਨ ਆਉਣ ਵਾਲੀਆਂ ਪੀੜ੍ਹੀਆਂ ਲਈ, ਸਕੂਲ, ਗਲਾਸ, ਸਟੇਸ਼ਨ, ਤੇ ਪੇਪਰ ਵਰਗੇ ਸ਼ਬਦਾਂ ਵਾਂਗ, ਸਟੋਨ, ਟਰੀਜ਼, ਲੀਵਜ਼ ਤੇ ਫਾਲ ਵਰਗੇ ਸ਼ਬਦ ਵੀ, ਪੰਜਾਬੀ ਜ਼ੁਬਾਨ ਦਾ ਅਟੁੱਟ ਹਿੱਸਾ ਲੱਗਣ ਲੱਗ ਜਾਣਗੇ। ਇਹ ਸਬੂਤ ਹੋਵੇਗਾ, ਪੰਜਾਬੀ ਦੀ ਚਲਦੀ ਨਬਜ਼ ਦਾ ਅਤੇ ਇਸਦੇ ਦਿਲ ਦੀ ਧੜਕਣ ਦਾ। ਸਿੱਟੇ ਵਜੋਂ, ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਬੋਲੀ, ਆਪਣੀ ਤਾਕਤ ਅਤੇ ਰੈਲੇਵੈਂਸ (ਪ੍ਰਸੰਗ) ਬਣਾਈ ਰੱਖ ਸਕੇਗੀ।

## ਬਦਲਦੀ ਦੁਨੀਆਂ ਵਿੱਚ ਆਪਣੇ ਵਿਰਸੇ ਨੂੰ ਬਚਾਈ ਰੱਖਣਾ

ਬੋਲੀ ਨੂੰ ਬਚਾਉਣ ਦਾ ਇਹ ਮਤਲਬ ਨਹੀਂ ਹੁੰਦਾ ਕਿ ਉਸ ਦੁਆਲੇ ਕੋਈ ਕੰਧ ਖੜ੍ਹੀ ਕਰ ਦੇਈਏ ਤਾਂ ਜੋ ਉਹ ਬਾਹਰੀ ਅਸਰਾਂ ਤੋਂ ਬਚੀ ਰਹਿ ਸਕੇ। ਇਹਨੂੰ ਬਚਾਉਣ ਦਾ ਇੱਕੋ ਤਰੀਕਾ ਹੈ ਕਿ ਇਹਨੂੰ ਬੋਲਣ ਵਾਲੇ, ਸਿੱਧੇ ਜਾਂ ਅਸਿੱਧੇ ਤੌਰ ਤੇ, ਦੂਜੀਆਂ ਸੱਭਿਅਤਾਵਾਂ, ਬਦਲਦੀ ਤਕਨਾਲੋਜੀ ਤੇ ਵਿਕਸਤ ਹੋ ਰਹੀਆਂ ਦੂਜੀਆਂ ਬੋਲੀਆਂ ਦੇ ਲਗਾਤਾਰ ਸੰਪਰਕ ਵਿੱਚ ਰਹਿਣ। ਬੋਲੀਆਂ ਸਿਰਫ਼ ਸੰਪਰਕ ਦਾ ਸਾਧਨ ਹੀ ਨਹੀਂ ਹੁੰਦੀਆਂ, ਇਹ ਜਿਉਂਦੀਆਂ ਜਾਗਦੀਆਂ ਚੀਜ਼ਾਂ ਨੇ, ਜਿਨ੍ਹਾਂ ਨੂੰ ਆਪਣੀ ਧੜਕਣ ਕਾਇਮ ਰੱਖਣ ਲਈ, ਸਾਹ ਲੈਣ, ਵਧਣ ਫੁੱਲਣ ਅਤੇ ਬਦਲਦੇ ਵਾਤਾਵਰਨ ਨਾਲ ਸੰਪਰਕ ਰੱਖਣ ਦੀ ਲੋੜ ਹੁੰਦੀ ਹੈ। ਮਨੁੱਖੀ ਇਤਿਹਾਸ ਦੱਸਦਾ ਹੈ ਕਿ ਉਹੀਓ ਬੋਲੀਆਂ ਜਿਉਂਦੀਆਂ ਜਾਗਦੀਆਂ ਅਤੇ ਧੜਕਦੀਆਂ ਰਹਿੰਦੀਆਂ ਹਨ ਜਿਹੜੀਆਂ ਮਨੁੱਖੀ ਤਜਰਬਿਆਂ ਦੇ ਵਿਕਸਤ ਹੋ ਰਹੇ ਬਗੀਚੇ ਦੇ ਨਾਲ ਨਾਲ ਪੁੰਗਰਦੀਆਂ ਰਹਿੰਦੀਆਂ ਨੇ। ਹੱਦਾਂ ਵਿੱਚ ਸੀਮਤ ਰੱਖੀਆਂ ਬੋਲੀਆਂ ਹੌਲੀ ਹੌਲੀ ਅਲੋਪ ਜਾਂ ਇਰਰੈਲੇਵੈਂਟ (ਬੇਪ੍ਰਸੰਗ) ਹੋ ਜਾਂਦੀਆਂ ਹਨ।

ਆਪਣੀ ਇਸ ਰਸਮਈ ਅਤੇ ਗਹਿਰਾਈਆਂ ਵਾਲੀ ਪੰਜਾਬੀ ਬੋਲੀ ਦਾ ਵਿਰਸਾ ਸਦੀਆਂ ਪੁਰਾਣਾ ਹੈ। ਇਹ ਲੋਕਾਂ ਦੀ ਰੂਹ ਅਤੇ ਉਹਨਾਂ ਦੇ ਹਠ ਅਤੇ ਵਿਕਾਸ ਦੀ ਕਹਾਣੀ ਹੈ। ਆਪਣੇ ਲੰਮੇ ਸਫ਼ਰ ਦੌਰਾਨ, ਪੁਰਾਣੇ ਸ਼ਾਸਤਰਾਂ, ਗੁਰਬਾਣੀ ਤੋਂ ਲੈ, ਅਜੋਕੇ ਡਿਜੀਟਲ ਯੁੱਗ ਤੀਕ ਇਹ ਬਹੁਤ ਤਬਦੀਲੀਆਂ ਵਿੱਚੋਂ ਲੰਘੀ ਹੈ ਅਤੇ ਆਪਣੇ ਆਪੇ ਨੂੰ ਗਵਾਏ ਬਗੈਰ ਇਸ ਨੇ ਫ਼ਾਰਸੀ, ਅਰਬੀ, ਸੰਸਕ੍ਰਿਤ ਤੇ ਅੰਗ੍ਰੇਜ਼ੀ ਵਰਗੀਆਂ ਭਾਸ਼ਾਵਾਂ ਦੇ ਅਨੇਕਾਂ ਸ਼ਬਦਾਂ ਨੂੰ ਆਪਣਾ ਬਣਾ ਲਿਆ ਹੈ। ਇਸਦੀ ਇਹ ਅਡੈਪਟੇਬਿਲਿਟੀ ਇਹਦੀ ਤਾਕਤ ਅਤੇ ਵਾਤਾਵਰਨ ਅਨੁਸਾਰ ਢਲ ਸਕਣ ਦੀ ਯੋਗਤਾ ਦਾ ਸਬੂਤ ਹੈ।

ਪੰਜਾਬੀ ਦੀ ਅਹਿਮੀਅਤ ਨੂੰ ਸਦਾ-ਬਰਕਰਾਰ ਰੱਖਣ ਲਈ ਜ਼ਰੂਰੀ ਹੈ ਕਿ ਇਸ ਦੇ ਸੁਨਹਿਰੀ ਵਿਰਸੇ ਅਤੇ ਭਵਿੱਖ ਲਈ ਲੋੜੀਂਦੀ ਤਬਦੀਲੀ ਵਿਚਕਾਰ ਇੱਕ ਸੰਤੁਲਨ ਕਾਇਮ ਰੱਖਿਆ ਜਾਵੇ। ਪੰਜਾਬੀ ਸਿਰ ਉੱਚਾ ਕਰਕੇ ਭਵਿੱਖ ਵਿੱਚ ਵਿਚਰ ਸਕੇ ਇਸ ਲਈ ਪੰਜਾਬੀ ਨੂੰ ਬਦਲਦੀ ਹਵਾ, ਨਵੇਂ ਵਿਚਾਰਾਂ, ਨਵੀਂਆਂ ਧਾਰਨਾਵਾਂ ਅਤੇ ਆਪਣੇ ਭਰਪੂਰ ਵਿਰਸੇ, ਦੋਵਾਂ ਨਾਲ ਜੁੜੇ ਰਹਿਣ ਦੀ ਲੋੜ ਹੈ। ਪੁਰਾਣੇ ਅਤੇ ਨਵੇਂ-ਪਿਰਤ ਅਤੇ ਵਿਕਾਸ ਦੇ ਸੁਮੇਲ ਨਾਲ ਪੰਜਾਬੀ ਦੀ ਧੜਕਣ ਹਮੇਸ਼ਾ ਬਣੀ ਰਹੇਗੀ ਅਤੇ ਇਹ ਆਉਣ ਵਾਲੀਆਂ ਪੀੜ੍ਹੀਆਂ ਦੇ ਦਿਲਾਂ ਵਿੱਚ ਵੱਸਦੀ ਰਹੇਗੀ।




